SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 65 | Monday, April 3, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਨਸ਼ਿਆਂ ਦੀ ਓਵਰਡੋਜ਼ ਦੇ ਸਬੰਧ ਵਿੱਚ ਟੋਰਾਂਟੋ ਪੁਲਿਸ ਨੇ ਜਾਰੀ ਕੀਤਾ ਐਲਰਟ

ਟੋਰਾਂਟੋ, 2 ਅਪਰੈਲ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਵੱਲੋਂ ਬਿਨਾਂ ਨਿਯੰਤਰਣ ਦੇ ਡਰੱਗਜ਼ ਲੈਣ ਵਾਲਿਆਂ ਨੂੰ ਅਹਿਤਿਆਤ ਵਰਤਣ ਦੀ ਚੇਤਾਵਨੀ ਜਾਰੀ ਕੀਤੀ ਗਈ ਹੈ। ਪੁਲਿਸ ਵੱਲੋਂ ਅਜਿਹਾ ਸਿਟੀ ਦੇ ਡਾਊਨਟਾਊਨ ਈਸਟ ਏਰੀਆ ਵਿੱਚ ਓਵਰਡੋਜ਼ ਦੇ ਚਾਰ ਮਾਮਲੇ ਸਾਹਮਣੇ ਆਉਣ ਤੋਂ ਬਾਅਦ ਕੀਤਾ ਗਿਆ ਹੈ।



2 ਅਪਰੈਲ ਨੂੰ ਜਾਰੀ ਕੀਤੀ ਗਈ ਰਲੀਜ਼ ਵਿੱਚ ਪੁਲਿਸ ਨੇ ਆਖਿਆ ਕਿ 51ਵੀਂ ਡਵੀਜ਼ਨ ਦੇ ਅਧਿਕਾਰੀਆਂ ਨੂੰ ਸ਼ਨਿੱਚਰਵਾਰ ਨੂੰ ਚਾਰ ਵੱਖ ਵੱਖ ਥਾਂਵਾਂ ਤੋਂ ਅਚਾਨਕ ਨਸ਼ਿਆਂ ਦੀ ਓਵਰਡੋਜ਼ ਦੀਆਂ ਮਿਲੀਆ ਰਿਪੋਰਟਾਂ ਮਗਰੋਂ ਉੱਧਰ ਭੱਜਣਾ ਪਿਆ। ਇਸ ਮਗਰੋਂ ਹੀ ਉਨ੍ਹਾਂ ਵੱਲੋਂ ਪਬਲਿਕ ਸੇਫਟੀ ਸਬੰਧੀ ਐਲਰਟ ਜਾਰੀ ਕੀਤਾ ਗਿਆ। ਉਨ੍ਹਾਂ ਇੱਕ ਰਲੀਜ਼ ਵਿੱਚ ਆਖਿਆ ਕਿ ਇਹ ਮੰਨਿਆ ਜਾ ਰਿਹਾ ਹੈ ਕਿ ਸਾਰੀਆਂ ਓਵਰਡੋਜ਼ ਤੇ ਮੌਤਾਂ ਸਿਟੀ ਦੇ ਡਾਊਨਟਾਊਨ ਵਿੱਚ ਵੰਡੀ ਗਈ ਫੈਂਟਾਨਿਲ ਦੀ ਵਰਤੋਂ ਕਾਰਨ ਹੋਈਆਂ।

ਪੁਲਿਸ ਨੇ ਸਾਰਿਆਂ ਨੂੰ ਅਪੀਲ ਕੀਤੀ ਹੈ ਕਿ ਨਸ਼ੇ ਕਰਨ ਤੋਂ ਬਾਅਦ ਜੇ ਕਿਸੇ ਨੂੰ ਤਕਲੀਫ ਹੁੰਦੀ ਹੈ ਤਾਂ ਉਸ ਨੂੰ ਫੌਰਨ ਐਮਰਜੰਸੀ ਰੂਮ ਜਾਣਾ ਚਾਹੀਦਾ ਹੈ ਤੇ ਜਾਂ ਫਿਰ 911 ਨੂੰ ਕਾਲ ਕਰਨਾ ਚਾਹੀਦਾ ਹੈ ਤੇ ਜਾਂ ਫਿਰ ਇਲਾਜ ਲਈ ਫੌਰਨ ਵਾਕ ਇਨ ਕਲੀਨਿਕ ਜਾਣਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਨਸ਼ਿਆਂ ਦੀ ਵਰਤੋਂ ਦੇ ਇਲਾਜ ਲਈ ਫੈਸਿਲਿਟੀ ਦੀ ਭਾਲ ਕਰਨ ਵਾਲੇ ਲੋਕਾਂ ਨੂੰ ਕੌਨੈਕਸ ਓਨਟਾਰੀਓ ਵੈੱਬਸਾਈਟ ਉੱਤੇ ਜਾਣਾ ਚਾਹੀਦਾ ਹੈ ਜਾਂ 211 ਉੱਤੇ ਕਾਲ ਕਰਨੀ ਚਾਹੀਦੀ ਹੈ ਜਾਂ ਸੈਂਟਰ ਫੌਰ ਅਡਿਕਸ਼ਨ ਐਂਡ ਮੈਂਟਲ ਹੈਲਥ ਉੱਤੇ 1-800-463-2338 ਉੱਤੇ ਕਾਲ ਕਰਨੀ ਚਾਹੀਦੀ ਹੈ।

## ਕਾਰਬਨ ਦੀਆਂ ਵੱਧ ਕੀਮਤਾਂ ਦਾ ਗਿਲਬੋ ਨੇ ਪੂਰਿਆ ਪੱਖ, ਅਮੀਰਾਂ ਦੀ ਜੇਬ੍ਹ ਉੱਤੇ ਵੱਧ ਬੋਝ ਪੈਣ ਦਾ ਕੀਤਾ ਦਾਅਵਾ

ਓਟਵਾ, 2 ਅਪਰੈਲ (ਪੋਸਟ ਬਿਊਰੋ) : ਕੈਨੇਡਾ ਦੇ ਐਨਵਾਇਰਮੈਂਟ ਐਂਡ ਕਲਾਈਮੇਟ ਚੇਂਜ ਮੰਤਰੀ ਸਟੀਵਨ ਗਿੱਲਬੋ ਨੇ ਇਹ ਸਵੀਕਾਰ ਕੀਤਾ ਹੈ ਕਿ ਔਸਤਨ ਕੈਨੇਡੀਅਨਜ਼ ਨੂੰ ਜਿੰਨੀ ਛੋਟ ਮਿਲਦੀ ਹੈ ਉਸ ਨਾਲੋਂ ਕਿਤੇ ਜ਼ਿਆਦਾ ਕਾਰਬਨ ਪ੍ਰਾਈਸ ਉਨ੍ਹਾਂ ਨੂੰ ਦੇਣੀ ਪੈ ਸਕਦੀ ਹੈ। ਪਰ ਉਨ੍ਹਾਂ ਦਾ ਕਹਿਣਾ ਹੈ ਕਿ ਕੈਨੇਡੀਅਨਜ਼ ਦੇ ਐਨਰਜੀ ਸਬੰਧੀ ਖਰਚਿਆਂ ਨੂੰ ਘਟਾਉਣ ਲਈ ਲਿਬਰਲ ਸਰਕਾਰ ਕੋਲ ਕਈ ਹੋਰ ਪ੍ਰੋਗਰਾਮ ਵੀ ਹਨ।



ਇਸ ਵੀਕੈਂਡ ਕਾਰਬਨ ਪ੍ਰਾਈਸ ਵਿੱਚ ਪ੍ਰਤੀ ਟੰਨ 50 ਤੋਂ 65 ਡਾਲਰ ਦਾ ਇਜਾਫਾ ਹੋਇਆ ਹੈ। ਕੈਨੇਡੀਅਨ ਟੈਕਸਪੇਅਰ ਫੈਡਰੇਸ਼ਨ ਅਨੁਸਾਰ ਇਸ ਦਾ ਸੇਕ ਖਪਤਕਾਰਾਂ ਨੂੰ ਗੈਸ ਪੰਪਜ਼ ਉੱਤੇ ਭੁਗਤਣਾ ਪਵੇਗਾ ਤੇ ਪ੍ਰਤੀ ਲੀਟਰ ਪਿੱਛੇ ਜਿੱਥੇ ਕੈਨੇਡੀਅਨਜ਼ ਹੁਣ 11.05 ਡਾਲਰ ਅਦਾ ਕਰਦੇ ਹਨ ਉੱਥੇ ਹੀ ਉਨ੍ਹਾਂ ਨੂੰ 14.31 ਡਾਲਰ ਦੇਣੇ ਪਿਆ ਕਰਨਗੇ। ਇਸ ਵਾਧੇ ਤੋਂ ਕੁੱਝ ਦਿਨ ਪਹਿਲਾਂ ਹੀ ਪਾਰਲੀਆਮੈਂਟਰੀ ਬਜਟ ਆਫੀਸਰ (ਪੀਬੀਓ) ਦੀ ਰਿਪੋਰਟ ਆਈ ਸੀ ਜਿਸ ਵਿੱਚ ਆਖਿਆ ਗਿਆ ਸੀ ਕਿ 2030 ਤੱਕ ਕਾਰਬਨ ਦੀ ਕੀਮਤ 170 ਪ੍ਰਤੀ ਟੰਨ ਤੱਕ ਪਹੁੰਚਣ ਦਾ ਖਦਸ਼ਾ ਹੈ। ਉਸ ਸਮੇਂ ਬਹੁਤੇ ਕੈਨੇਡੀਅਨਜ਼ ਨੂੰ ਘਾਟਾ ਪਵੇਗਾ।

ਇੱਕ ਇੰਟਰਵਿਊ ਵਿੱਚ ਐਨਵਾਇਰਮੈਂਟ ਮੰਤਰੀ ਸਟੀਵਨ ਗਿੱਲਬੋ ਨੇ ਆਖਿਆ ਕਿ ਭਾਵੇਂ ਕਾਰਬਨ

... ਬਾਕੀ ਸਫਾ 2 'ਤੇ

## ਟੀਟੀਸੀ ਬੱਸ ਨਾਲ ਵਾਪਰੇ ਹਾਦਸੇ ਵਿੱਚ ਦੋ ਮਹਿਲਾਵਾਂ ਜ਼ਖ਼ਮੀ

ਟੋਰਾਂਟੋ, 2 ਅਪਰੈਲ (ਪੋਸਟ ਬਿਊਰੋ) : ਐਤਵਾਰ ਦੁਪਹਿਰ ਨੂੰ ਕੌਲੀਅਰ ਤੇ ਚਰਚ ਸਟਰੀਟਸ ਇਲਾਕੇ ਵਿੱਚ ਟੀਟੀਸੀ ਬੱਸ ਨਾਲ ਵਾਪਰੇ ਹਾਦਸੇ ਤੋਂ ਬਾਅਦ ਦੋ ਮਹਿਲਾਵਾਂ ਨੂੰ ਹਸਪਤਾਲ ਲਿਜਾਇਆ ਗਿਆ।

ਪੁਲਿਸ ਦੁਪਹਿਰ ਦੇ 12:26 ਵਜੇ ਦੇ ਨੇੜੇ ਤੇੜੇ ਮੌਕੇ ਉੱਤੇ ਪਹੁੰਚੀ ਤੇ ਟੋਰਾਂਟੋ ਪੈਰਾਮੈਡਿਕਸ ਵੱਲੋਂ ਦੋ ਮਹਿਲਾਵਾਂ ਨੂੰ ਹਸਪਤਾਲ ਲਿਜਾਇਆ ਗਿਆ।



ਇੱਕ ਮਹਿਲਾ, ਜੋ ਕਿ ਆਪਣੇ 50ਵਿਆਂ ਵਿੱਚ ਸੀ, ਨੂੰ ਗੰਭੀਰ ਸੱਟਾਂ ਲੱਗੀਆਂ ਹੋਣ ਕਾਰਨ ਟਰੌਮਾ ਸੈਂਟਰ ਲਿਜਾਇਆ ਗਿਆ ਤੇ ਦੂਜੀ ਮਹਿਲਾ, ਜਿਹੜੀ ਬੱਸ ਦੇ ਅੰਦਰ ਮੌਜੂਦ ਸੀ, ਨੂੰ ਮਾਮੂਲੀ ਸੱਟਾਂ ਲੱਗੀਆਂ ਹੋਣ ਕਾਰਨ ਲੋਕਲ ਹਸਪਤਾਲ ਲਿਜਾਇਆ ਗਿਆ।

NOW HIRING !!!
ALLKIND INSURANCE
• Life Insurance
• Critical illness Ins
• Travel & Visitor Ins
• RESP & TFSA & RRSP
• Super Visa Insurance
• Mortgage Insurance
• Disability Insurance
• Funeral Insurance
SIMRAN SAINI
416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ। ਸੰਪਰਕ ਕਰੋ:
416-556-6884

## ਛੁਰੇਬਾਜ਼ੀ ਵਿੱਚ 16 ਸਾਲਾ ਲੜਕਾ ਜ਼ਖ਼ਮੀ

ਟੋਰਾਂਟੋ, 2 ਅਪਰੈਲ (ਪੋਸਟ ਬਿਊਰੋ) : ਸ਼ਨਿੱਚਰਵਾਰ ਰਾਤ ਨੂੰ ਤਿੰਨ ਵਿਅਕਤੀਆਂ ਨਾਲ ਹੋਈ ਤਕਰਾਰ ਤੋਂ ਬਾਅਦ ਇੱਕ 16 ਸਾਲਾ ਲੜਕੇ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਰਾਤੀਂ 9:43 ਵਜੇ ਪੁਲਿਸ ਨੂੰ ਬ੍ਰੌਡਵਿਊ ਐਵਨਿਊ ਦੇ ਪੱਛਮ ਤੇ ਪੌਟਰੀ ਰੋਡ ਦੇ ਦੱਖਣ ਵੱਲ ਥੌਰਨਕਲਿੱਫ ਐਵਨਿਊ ਤੇ ਚੈਸਟਰ ਹਿੱਲ ਰੋਡ ਇਲਾਕੇ ਵਿੱਚ ਸੱਦਿਆ ਗਿਆ। ਇੱਥੇ ਪਹੁੰਚੇ ਪੁਲਿਸ ਅਧਿਕਾਰੀਆਂ ਤੇ ਪੈਰਾਮੈਡਿਕਸ ਨੂੰ ਲੜਕਾ ਚਾਕੂ ਨਾਲ ਕੀਤੇ ਗਏ ਵਾਰਾਂ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ।



ਪੁਲਿਸ ਨੇ ਦੱਸਿਆ ਕਿ ਲੜਕੇ ਦੀ ਹਾਲਤ ਗੰਭੀਰ ਪਰ ਸਥਿਰ ਸੀ ਤੇ ਉਸ ਨੂੰ ਨਿਜੀ ਗੱਡੀ ਵਿੱਚ ਹਸਪਤਾਲ ਲਿਜਾਇਆ ਗਿਆ। ਜਾਂਚਕਾਰਾਂ ਅਨੁਸਾਰ ਤਿੰਨ ਵਿਅਕਤੀ ਇੱਕ ਬਿਲਡਿੰਗ ਦੇ ਬਾਹਰ ਲੜ ਰਹੇ ਸਨ ਤੇ ਉਨ੍ਹਾਂ ਵਿੱਚੋਂ ਇੱਕ ਨੂੰ ਚਾਕੂ ਮਾਰ ਕੇ ਜ਼ਖ਼ਮੀ ਕਰ ਦਿੱਤਾ ਗਿਆ।

ਹੁਣ ਤੱਕ ਪੁਲਿਸ ਵੱਲੋਂ ਇੱਕ ਮਸ਼ਕੂਕ ਦਾ ਵੇਰਵਾ ਜਾਰੀ ਕੀਤਾ ਗਿਆ ਹੈ। ਉਸ ਦਾ ਰੰਗ ਕਣਕਵਿੰਨ੍ਹਾਂ, ਕੱਦ ਪੰਜ ਫੁੱਟ ਅੱਠ ਇੰਚ ਦਰਮਿਆਨੀ ਕੱਦਕਾਠੀ ਤੇ ਕਾਲੇ ਰੰਗ ਦੀ ਨਿੱਕੀ ਦਾੜ੍ਹੀ ਹੈ। ਮਸ਼ਕੂਕ ਨੂੰ ਆਖਰੀ ਵਾਰੀ ਕਾਲੇ ਰੰਗ ਦਾ ਸਿਆਲਾਂ ਵਾਲਾ ਕੋਟ, ਕਾਲੀ ਪੈਂਟ ਤੇ ਹਲਕੇ ਗ੍ਰੇਅ ਰੰਗ ਦੇ ਸੂਜ਼ ਪਾਇਆ ਵੇਖਿਆ ਗਿਆ। ਜਾਂਚਕਾਰਾਂ ਵੱਲੋਂ ਕਿਸੇ ਹੋਰ ਮਸ਼ਕੂਕ ਦੀ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ ਤੇ ਨਾ ਹੀ ਕਿਸੇ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

INSURANCE
Home · Auto · Business · Trucking · Life Insurance · Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

ON TIME HEATING COOLING & REFRIGERATION
ac - furnance - heat pump - boilers - gasline - walk in cooler - water heater
Fully licensed team and govt. rebate upto $8,000
SAURAVDEEP SINGH: 226-332-4040

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

OURR HOME & APPLIANCES
Spring SALE with fresh deals
Colour options available
$1699* · $299 · $299 · $399 · $2999* · $4499*
KitchenAid · moffat · MAYTAG · LG · SAMSUNG · Electrolux · JENNAIR · BOSCH · Whirlpool
416-551-5553
WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axxel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration · Real Estate · Family Law · Business Closing · Corporate · Wills & Estate · Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਲੇਡੀ ਇੰਸਟਰਕਟਰ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਪਹਿਲੀ ਅਕਤੂਬਰ ਤੋਂ ਓਨਟਾਰੀਓ ਵਿੱਚ ਘੱਟ ਤੋਂ ਘੱਟ ਉਜਰਤਾਂ ਵਿੱਚ ਹੋਵੇਗਾ ਵਾਧਾ



ਓਨਟਾਰੀਓ, 31 ਮਾਰਚ (ਪੋਸਟ ਬਿਊਰੋ) : ਪਹਿਲੀ ਅਕਤੂਬਰ ਤੋਂ ਓਨਟਾਰੀਓ ਵਿੱਚ ਘੱਟ ਤੋਂ ਘੱਟ ਉਜਰਤਾਂ ਵਿੱਚ ਵਾਧਾ ਹੋਣ ਜਾ ਰਿਹਾ ਹੈ। ਘੱਟ ਤੋਂ ਘੱਟ ਉਜਰਤਾਂ ਹੁਣ ਪ੍ਰਤੀ ਘੰਟੇ ਪਿੱਛੇ 16·55 ਡਾਲਰ ਹੋਣਗੀਆਂ।

ਇਸ ਸਮੇਂ ਓਨਟਾਰੀਓ ਵਿੱਚ ਘੱਟ ਤੋਂ ਘੱਟ ਉਜਰਤਾਂ ਪ੍ਰਤੀ ਘੰਟਾ 15·50 ਡਾਲਰ ਹਨ ਤੇ ਇਸ ਵਿੱਚ 6·8 ਫੀ ਸਦੀ ਦਾ ਵਾਧਾ ਕੀਤਾ ਜਾ ਰਿਹਾ ਹੈ। ਸਰਕਾਰ ਦਾ ਕਹਿਣਾ ਹੈ ਕਿ ਇਸ ਵਾਧੇ ਤੋਂ ਭਾਵ ਇਹ ਹੋਵੇਗਾ ਕਿ ਕੋਈ ਵਿਅਕਤੀ ਜਿਹੜਾ ਘੱਟ ਤੋਂ ਘੱਟ ਭੱਤੇ ਹਾਸਲ ਕਰ ਰਿਹਾ ਹੈ ਤੇ ਹਫਤੇ ਵਿੱਚ 40 ਘੰਟੇ ਕੰਮ ਕਰਦਾ ਹੈ ਤਾਂ ਉਸ ਨੂੰ ਹਰ ਸਾਲ ਘੱਟੋ ਘੱਟ 2,200 ਡਾਲਰ ਦਾ ਫਾਇਦਾ ਹੋਵੇਗਾ।

ਇਸ ਦੌਰਾਨ ਲੇਬਰ ਐਡਵੋਕੇਟਸ ਤੇ ਵਿਰੋਧੀ ਧਿਰ ਦੇ ਲੀਡਰਾਂ ਦਾ ਕਹਿਣਾ ਹੈ ਕਿ ਓਨਟਾਰੀਓ ਸਰਕਾਰ ਨੂੰ ਘੱਟ ਤੋਂ ਘੱਟ ਉਜਰਤਾਂ 20 ਡਾਲਰ ਪ੍ਰਤੀ ਘੰਟਾ ਕਰ ਦੇਣੀਆਂ ਚਾਹੀਦੀਆਂ ਹਨ। ਓਨਟਾਰੀਓ ਲਿਵਿੰਗ ਵੇਜ ਨੈੱਟਵਰਕ ਦਾ ਕਹਿਣਾ ਹੈ ਕਿ ਪ੍ਰੋਵਿੰਸ ਦੇ ਕਈ ਹਿੱਸਿਆਂ ਵਿੱਚ ਇਸ ਸਮੇਂ ਉਜਰਤਾਂ 19 ਡਾਲਰ ਤੱਕ ਹਨ ਤੇ ਗ੍ਰੇਟਰ ਟੋਰਾਂਟੋ ਏਰੀਆ ਵਿੱਚ ਇਹ 23 ਡਾਲਰ ਤੋਂ ਵੀ ਵੱਧ ਹਨ।

# ਪਾਅਨ ਸ਼ੌਪ ਦੇ ਬਾਹਰ ਚੱਲੀ ਗੋਲੀ, ਇੱਕ ਹਲਾਕ



ਓਸਵਾ, 31 ਮਾਰਚ (ਪੋਸਟ ਬਿਊਰੋ) : ਓਸ਼ਵਾ ਵਿੱਚ ਇੱਕ ਪਾਅਨ ਸ਼ੌਪ ਦੇ ਬਾਹਰ ਚੱਲੀ ਗੋਲੀ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ। ਪੁਲਿਸ ਵੱਲੋਂ ਮਸ਼ਕੂਕ ਦੀ ਭਾਲ ਕੀਤੀ ਜਾ ਰਹੀ ਹੈ।

ਰਾਤੀਂ 8:45 ਦੇ ਨੇੜੇ ਤੇੜੇ ਕਿੰਗ ਸਟਰੀਟ ਵੈਸਟ ਤੇ ਪਾਰਕ ਰੋਡ ਇਲਾਕੇ ਵਿੱਚ ਪਲਾਜ਼ਾ ਵਿੱਚ ਚੱਲੀ ਗੋਲੀ ਦੀ ਖਬਰ ਮਿਲਦੇ ਸਾਰ ਪੁਲਿਸ ਅਧਿਕਾਰੀ ਮੌਕੇ ਉੱਤੇ ਪਹੁੰਚੇ। ਉੱਥੇ ਉਨ੍ਹਾਂ ਨੂੰ ਇੱਕ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲਿਆ ਪਰ ਉਸ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਪੁਲਿਸ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਹੈ ਕਿ ਇਸ ਵਿਅਕਤੀ ਦੀ ਮੌਤ ਪਾਅਨ ਸ਼ੌਪ ਦੇ ਬਾਹਰ ਚੱਲੀ ਗੋਲੀ ਕਾਰਨ ਹੋਈ ਹੈ।

ਇਸ ਇਲਾਕੇ ਵਿੱਚ ਮੌਜੂਦ ਚਸ਼ਮਦੀਦਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਗੋਲੀ ਚੱਲਣ ਦੀਆਂ ਆਵਾਜ਼ਾਂ ਆਈਆਂ ਤੇ ਜਿੰਨੇ ਚਿਰ ਨੂੰ ਉਹ ਭੱਜ ਕੇ ਘਟਨਾ ਵਾਲੀ ਥਾਂ ਉੱਤੇ ਪਹੁੰਚੇ ਤਾਂ ਇੱਕ ਵਿਅਕਤੀ ਪਿੱਕਅੱਪ ਟਰੱਕ ਦੇ ਨੇੜੇ ਜ਼ਖ਼ਮੀ ਹਾਲਤ ਵਿੱਚ ਪਿਆ ਮਿਲਿਆ। ਅਜੇ ਤੱਕ ਕਿਸੇ ਮਸ਼ਕੂਕ ਸਬੰਧੀ ਕੋਈ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ।

## ਅੱਜ ਨਾਮਾ >>

ਫਸਿਆ ਅਫਸਰ ਸਰਕਾਰ ਦਾ ਫੇਰ ਵੱਡਾ,
ਭ੍ਰਿਸ਼ਟਾਚਾਰ ਦਾ ਦੋਸ਼ ਗਿਆ ਲੱਗ ਮੀਆਂ।
ਕੰਪਨੀ ਇੱਕ ਨਾਲ ਮਿਲੀ ਸੀ ਅੱਖ ਉਹਦੀ,
ਮਿਲ ਕੇ ਦੋਵਾਂ ਲਿਆ ਮਾਲ ਹੈ ਠੱਗ ਮੀਆਂ।
ਖ਼ੁੱਸੀ ਅਫਸਰੀ, ਜੇਲ੍ਹ ਵੱਲ ਜਾਊਗਾ ਉਹ,
ਜਿੱਥੇ ਏਹੋ ਜਿਹਾ ਬਾਹਲਾਈ ਵੱਗ ਮੀਆਂ।
ਪੰਜ-ਚਾਰ ਹੋਣ ਤਾਂ ਕਿਸੇ ਦੀ ਗੱਲ ਕਰੀਏ,
ਚੁਫੇਰੇ ਫੈਲੀ ਪਈਜੰਗਲ ਦੀ ਅੱਗ ਮੀਆਂ।
ਸਾਰਾ ਸਮਝੋ ਨਹੀਂ ਸੜ ਗਿਆ ਵਣਕੰਡਾ,
ਜੜ੍ਹ ਨਹੀਂ ਹੋਈ ਈਮਾਨ ਦੀ ਨਾਸ ਮੀਆਂ।
ਮੁੜ-ਮੁੜ ਦਿੱਸੂ ਹਰਿਆਲੜੀ ਚਹੁੰ ਪਾਸੇ,
ਨਾਲ ਜੀਵਨ ਦੇ ਕਾਇਮ ਹੈ ਆਸ ਮੀਆਂ।

**ਤੀਸ ਮਾਰ ਖਾਂ**

# ਕਾਰਬਨ ਦੀਆਂ ਵੱਧ ਕੀਮਤਾਂ ਦਾ ਗਿਲਬੋ ਨੇ ਪੂਰਿਆ ਪੱਖ, ਅਮੀਰਾਂ ਦੀ ਜੇਬ੍ਹ ਉੱਤੇ ਵੱਧ ਬੋਝ ਪੈਣ ਦਾ ਕੀਤਾ ਦਾਅਵਾ

ਸਫਾ 1 ਦਾ ਬਾਕੀ



ਦੀਆਂ ਕੀਮਤਾਂ ਵਿੱਚ ਹੋਣ ਵਾਲੇ ਵਾਧੇ ਨਾਲ ਤੇ ਛੋਟ ਦੇ ਬਾਵਜੂਦ ਕੈਨੇਡੀਅਨਜ਼ ਨੂੰ ਵਧੇਰੇ ਕਾਰਬਨ ਪ੍ਰਾਈਸ ਦੇਣੀ ਪੈ ਸਕਦੀ ਹੈ ਪਰ ਸਿਸਟਮ ਨੂੰ ਬਰਾਬਰੀ ਦਾ ਰੱਖਣ ਲਈ ਇਸ ਤਰ੍ਹਾਂ ਡਿਜ਼ਾਈਨ ਕੀਤਾ ਗਿਆ ਹੈ ਕਿ ਅਮੀਰ ਕੈਨੇਡੀਅਨਜ਼ ਨੂੰ ਵੱਡੇ ਬਿੱਲ ਭਰਨੇ ਹੋਣਗੇ। ਉਨ੍ਹਾਂ ਆਖਿਆ ਕਿ ਕਾਰਬਨ ਫੁੱਟਪ੍ਰਿੰਟ ਨੂੰ ਘਟਾਉਣ ਲਈ ਇਲੈਕਟ੍ਰਿਕ ਵ੍ਹੀਕਲ ਖਰੀਦਣ ਵਾਸਤੇ ਸਰਕਾਰ ਵੱਲੋਂ ਇੰਸੈਟਿਵ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ ਤੇ ਇਸ ਦੇ ਨਾਲ ਹੀ ਘਰਾਂ ਵਿੱਚ ਹੀਟਿੰਗ ਦੀ ਕੀਮਤ ਨੂੰ ਘਟਾਉਣ ਲਈ ਐਨਰਜੀ ਰੈਟਰੋਫਿਟਸ ਦੀ ਵਰਤੋਂ ਕੀਤੀ ਜਾਵੇਗੀ।

# ਰੂਸ ਇਕ ਦੁਬਾਰਾ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦਾ ਬਣਿਆ ਪ੍ਰਧਾਨ

ਮਾਸਕੋ, 2 ਅਪ੍ਰੈਲ (ਪੋਸਟ ਬਿਊਰੋ): ਇਕ ਵਾਰ ਫਿਰ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦਾ ਪ੍ਰਧਾਨ ਬਣ ਗਿਆ ਹੈ। ਰੂਸ ਦੇ ਰਾਸ਼ਟਰਪਤੀ ਅਹੁਦੇ ਨੂੰ ਲੈ ਕੇ ਯੂਕਰੇਨ ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਵਿਰੋਧ ਪ੍ਰਦਰਸ਼ਨ ਕਰ ਰਿਹਾ ਹੈ। ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਸਾਰੇ 15 ਮੈਂਬਰਾਂ ਕੋਲ 1-1 ਮਹੀਨੇ ਲਈ ਪ੍ਰਧਾਨਗੀ ਹੁੰਦੀ ਹੈ। ਇਸ ਦੇ ਤਹਿਤ ਹੁਣ ਅਪ੍ਰੈਲ ਮਹੀਨੇ ਲਈ ਯੂਐੱਨਐੱਸਸੀ ਦੀ ਪ੍ਰਧਾਨਗੀ ਰੂਸ ਕੋਲ ਹੋਵੇਗੀ। ਇਸ ਤੋਂ ਪਹਿਲਾਂ ਰੂਸ ਪਿਛਲੇ ਸਾਲ ਫਰਵਰੀ 'ਚ ਯੂਐੱਨਐੱਸਸੀ ਦਾ ਪ੍ਰਧਾਨ ਬਣਿਆ ਸੀ। ਉਦੋਂ ਉਸ ਨੇ ਯੂਕਰੇਨ ਨਾਲ ਜੰਗ ਦਾ ਐਲਾਨ ਕੀਤਾ ਸੀ। ਯੂਕਰੇਨ 'ਤੇ ਚੱਲ ਰਹੀ ਕੌਂਸਲ ਦੇ ਸੈਸ਼ਨ ਦੌਰਾਨ ਰਾਸ਼ਟਰਪਤੀ ਪੁਤਿਨ ਨੇ ਉਥੇ ਵਿਸ਼ੇਸ਼ ਫੌਜੀ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ ਸੀ।

ਦੂਜੇ ਪਾਸੇ ਰੂਸ ਦੀ ਪ੍ਰਧਾਨਗੀ 'ਤੇ ਯੂਕਰੇਨ ਦੇ ਵਿਦੇਸ਼ ਮੰਤਰੀ ਮਾਈਖਾਈਲੋ ਪੋਡੋਲਿਕ ਨੇ ਕਿਹਾ ਕਿ ਯੂਐੱਨਐੱਸਸੀ ਦਾ ਕੰਮ ਦੁਨੀਆ 'ਚ ਸ਼ਾਂਤੀ ਅਤੇ ਸੁਰੱਖਿਆ ਬਣਾਈ ਰੱਖਣਾ ਹੈ। ਅਜਿਹੇ 'ਚ ਅਪ੍ਰੈਲ ਫੂਲ ਡੇ 'ਤੇ ਰੂਸ ਦਾ ਰਾਸ਼ਟਰਪਤੀ ਬਣਨਾ ਸਭ ਤੋਂ ਭੈੜਾ ਮਜ਼ਾਕ ਹੈ। ਇਹ ਸਾਬਤ ਕਰਦਾ ਹੈ ਕਿ ਦੇ ਕੰਮ ਕਰਨ ਦੇ ਤਰੀਕੇ ਵਿੱਚ ਕੁਝ ਕਮੀ ਹੈ। ਪਿਛਲੇ ਸਾਲ, ਯੂਕ੍ਰੇਨ ਦੇ ਰਾਸ਼ਟਰਪਤੀ ਜ਼ੇਲੇਨਸਕੀ ਨੇ ਯੂਐਨਐਸਸੀ 'ਤੇ ਰੂਸ ਨੂੰ ਰੋਕਣ ਵਿੱਚ ਅਸਫਲ ਰਹਿਣ ਦਾ ਦੋਸ਼ ਲਗਾਇਆ ਸੀ। ਉਨ੍ਹਾਂ ਕਿਹਾ ਸੀ ਕਿ ਕੌਂਸਲ ਨੂੰ ਆਪਣੀ ਕਾਰਜ ਪ੍ਰਣਾਲੀ ਬਦਲਣ ਦੀ ਲੋੜ ਹੈ ਨਹੀਂ ਤਾਂ ਇਸ ਨੂੰ ਭੰਗ ਕਰ ਦੇਣਾ ਚਾਹੀਦਾ ਹੈ।

ਯੂਕਰੇਨ ਦੇ ਲਗਾਤਾਰ ਵਿਰੋਧ ਦੇ ਬਾਵਜੂਦ ਅਮਰੀਕਾ ਨੇ ਰੂਸ ਦੀ ਪ੍ਰਧਾਨਗੀ ਤੋਂ ਮੂੰਹ ਮੋੜ ਲਿਆ ਹੈ। ਵ੍ਹਾਈਟ ਹਾਊਸ ਦੀ ਪ੍ਰੈੱਸ ਸਕੱਤਰ ਕੈਰਿਨ ਜੀਨ ਨੇ ਕਿਹਾ ਕਿ ਰੂਸ ਕੌਂਸਲ ਦਾ ਸਥਾਈ ਮੈਂਬਰ ਹੈ। ਅਜਿਹੀ ਸਥਿਤੀ ਵਿੱਚ ਕੋਈ ਵੀ ਅੰਤਰਰਾਸ਼ਟਰੀ ਸੰਸਥਾ ਇੱਕ ਮਹੀਨੇ ਲਈ ਉਨ੍ਹਾਂ ਤੋਂ ਪ੍ਰਧਾਨਗੀ ਨਹੀਂ ਖੋਹ ਸਕਦੀ। ਇਹ ਨਿਯਮਾਂ ਦੇ ਵਿਰੁਧ ਹੋਵੇਗਾ।


REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience



SherGill Law Firm
Barrister, Solicitor & Notary Public
Services:
★ Real Estate
★ Residential, Commercial & Franchise
★ Criminal Law
★ Family Law
★ Affidavit, Power Of Attorney & Notarization
★ Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com



ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਐ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com




ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਅਮਰੀਕਾ ਵਰਗਾ ਰਾਜ ਪ੍ਰਬੰਧ, ਦੋ ਪਾਰਟੀ ਸਿਸਟਮ ਅਤੇ ਵੋਟ ਜ਼ਰੂਰੀ ਦੇ ਸ਼ੋਸ਼ੇ ਕਿਉਂ ਛੱਡੇ ਜਾਣ ਲੱਗੇ ਹਨ!

ਲੰਮੇ ਸਮੇਂ ਬਾਅਦ ਭਾਰਤ ਵਿੱਚ ਇੱਕ ਵਾਰ ਫਿਰ ਉਨ੍ਹਾਂ ਤਿੰਨ ਮੁੱਦਿਆਂ ਬਾਰੇ ਮੱਠੀ ਜਿਹੀ ਸੁਰ ਵਿੱਚ ਬਹਿਸ ਸ਼ੁਰੂ ਹੋ ਗਈ ਹੈ, ਜਿਨ੍ਹਾਂ ਬਾਰੇ ਪਹਿਲਾਂ ਵੀ ਕਈ ਵਾਰੀ ਹੋਈ ਅਤੇ ਫਿਰ ਆਪਣੇ ਆਪ ਰੁਕ ਜਾਂਦੀ ਰਹੀ ਹੈ। ਇਨ੍ਹਾਂ ਵਿੱਚੋਂ ਇੱਕ ਮੁੱਦਾ ਭਾਰਤ ਵਿੱਚ 'ਦੋ ਪਾਰਟੀ ਸਿਸਟਮ' ਦਾ ਹੈ, ਦੂਸਰਾ ਭਾਰਤ ਦੇ ਅਜੋਕੇ ਪਾਰਲੀਮੈਂਟਰੀ ਪ੍ਰਬੰਧ ਵਿੱਚ ਪ੍ਰਧਾਨ ਮੰਤਰੀ ਦੀ ਸਰਦਾਰੀ ਦੀ ਥਾਂ ਅਮਰੀਕਾ ਵਾਂਗ ਸਾਰੀ ਸਿਆਸੀ ਤਾਕਤ ਰਾਸ਼ਟਰਪਤੀ ਦੇ ਹੱਥ ਦੇਣ ਦਾ ਤੇ ਤੀਸਰਾ ਹਰ ਨਾਗਰਿਕ ਲਈ ਵੋਟ ਪਾਉਣਾ ਇੱਕ ਕਾਨੂੰਨੀ ਜ਼ਿੰਮੇਵਾਰੀ ਬਣਾ ਦੇਣ ਦਾ ਹੈ। ਆਜ਼ਾਦੀ ਦੇ ਬਾਅਦ ਸੰਵਿਧਾਨ ਘੜਨੀ ਸਭਾ ਦੀ ਬਹਿਸ ਤੋਂ ਇਲਾਵਾ ਭਾਰਤ ਵਿੱਚ ਇਨ੍ਹਾਂ ਮੁੱਦਿਆਂ ਵਾਸਤੇ ਚਰਚਾ ਪਹਿਲੀ ਵਾਰ ਕਦੋਂ ਸ਼ੁਰੂ ਹੋਈ ਸੀ, ਇਸ ਦਾ ਵੇਰਵਾ ਤਾਂ ਸਾਨੂੰ ਨਹੀਂ ਮਿਲਿਆ, ਪਰ ਇਹ ਗੱਲ ਯਾਦ ਹੈ ਕਿ ਪਹਿਲੇ ਦੋਵਾਂ ਮੁੱਦਿਆਂ ਦੀ ਵੱਡੀ ਬਹਿਸ ਐਮਰਜੈਂਸੀ ਦੌਰਾਨ ਸੰਜੇ ਗਾਂਧੀ ਤੇ ਉਸ ਨਾਲ ਜੁੜੀ ਹੋਈ ਜੁੰਡੀ ਨੇ ਚਲਵਾਈ ਸੀ। ਉਨ੍ਹਾਂ ਦਾ ਖਿਆਲ ਸੀ ਕਿ ਜੇ ਦੋ ਪਾਰਟੀ ਸਿਸਟਮ ਚੱਲ ਪਵੇ ਤਾਂ ਕਾਂਗਰਸ ਦੀ ਹਸਤੀ ਦੇ ਮੁਕਾਬਲੇ ਉਸ ਵਕਤ ਦੀਆਂ ਹੋਰ ਪਾਰਟੀਆਂ ਵੱਲੋਂ ਬਣਾਈ ਗਈ ਇਕਲੌਤੀ ਮੁਕਾਬਲੇ ਦੀ ਧਿਰ ਆਪਸੀ ਮੱਤਭੇਦਾਂ ਦੇ ਕਾਰਨ ਪੈਰਾਂ ਸਿਰ ਨਹੀਂ ਖੜੀ ਹੋ ਸਕੇਗੀ ਤੇ ਰਾਜ ਇੰਦਰਾ ਗਾਂਧੀ ਜਾਂ ਉਸ ਦੇ ਬਾਅਦ ਉਸੇ ਪਰਵਾਰ ਵਿੱਚੋਂ ਕਿਸੇ ਹੋਰ ਜੀਅ ਦੇ ਹੱਥ ਰਹਿਣ ਦੀ ਸੰਭਾਵਨਾ ਵਧ ਜਾਵੇਗੀ। ਚੰਗੀ ਗੱਲ ਇਹ ਹੋਈ ਕਿ ਭਾਵੇਂ ਵਿਰੋਧੀ ਧਿਰਾਂ ਦੇ ਲੀਡਰ ਜੇਲ੍ਹਾਂ ਵਿੱਚ ਬੰਦ ਸਨ, ਓਦੋਂ ਰਾਜ ਚਲਾ ਰਹੀ ਕਾਂਗਰਸ ਪਾਰਟੀ ਦੇ ਅੰਦਰੋਂ ਹੀ ਇਨ੍ਹਾਂ ਝੁਕਾਵਾਂ ਦਾ ਵਿਰੋਧ ਸ਼ੁਰੂ ਹੋ ਗਿਆ ਤੇ ਇਹ ਸੋਚਾਂ ਸਿਰੇ ਨਹੀਂ ਸਨ ਚੜ੍ਹ ਸਕੀਆਂ। ਹੈਰਾਨੀ ਦੀ ਗੱਲ ਹੈ ਕਿ ਜਦੋਂ ਐਮਰਜੈਂਸੀ ਦੀ ਬਦਨਾਮੀ ਨਾਲ ਕਾਂਗਰਸ ਅਗਲੀ ਪਾਰਲੀਮੈਂਟ ਚੋਣ ਵਿੱਚ ਹਾਰ ਗਈ ਤਾਂ ਉਸ ਦੀ ਥਾਂ ਮੋਰਾਰਜੀ ਡਿਸਾਈ ਦੀ ਅਗਵਾਈ ਹੇਠ ਬਣੀ ਜਨਤਾ ਪਾਰਟੀ ਸਰਕਾਰ ਵਿੱਚੋਂ ਵੀ ਇਹੋ ਰਾਗ ਛਿੜ ਪਿਆ ਅਤੇ ਚਿਰਾਂ ਤੱਕ ਚੱਲਦਾ ਰਿਹਾ ਸੀ। ਲੋਕਤੰਤਰ ਦੇ ਅਜੋਕੇ ਪ੍ਰਬੰਧ ਦੀ ਬਜਾਏ ਅਮਰੀਕੀ ਤਰਜ਼ ਦੇ ਪ੍ਰਬੰਧ ਲਈ ਇਸ ਬਹਿਸ ਦੀ ਅਗਵਾਈ ਓਦੋਂ ਪੁਰਾਣੇ ਜਨ ਸੰਘੀ ਕਰਦੇ ਸਨ।

ਮੋਰਾਰਜੀ ਡਿਸਾਈ ਦੀ ਸਰਕਾਰ ਕਹਿਣ ਨੂੰ ਇੱਕ ਜਨਤਾ ਪਾਰਟੀ ਦੀ ਅਗਵਾਈ ਹੇਠ ਚੱਲਦੀ ਸੀ, ਅਸਲ ਵਿੱਚ ਉਸ ਵਿਚਲੀਆਂ ਸਾਢੇ ਚਾਰ ਪਾਰਟੀਆਂ ਵਾਲੇ ਆਗੂ ਅੰਦਰੋਂ ਇੱਕ-ਸੁਰ ਨਹੀਂ ਸਨ ਹੋ ਸਕੇ। ਜਨਤਾ ਪਾਰਟੀ ਵਿੱਚ ਇੱਕ ਇੰਦਰਾ ਗਾਂਧੀ ਨਾਲ ਵਿਰੋਧਾਂ ਕਾਰਨ ਕਾਂਗਰਸ ਤੋਂ ਟੁੱਟ ਕੇ ਬਣੀ ਸਿੰਡੀਕੇਟ ਕਾਂਗਰਸ ਸ਼ਾਮਲ ਸੀ, ਦੂਸਰੀ ਵੱਡੀ ਜਥੇਬੰਦ ਧਿਰ ਭਾਰਤੀ ਜਨ ਸੰਘ (ਬਾਅਦ ਵਿੱਚ ਇਨ੍ਹਾਂ ਹੀ ਭਾਰਤੀ ਜਨਤਾ ਪਾਰਟੀ ਬਣਾਈ ਸੀ), ਤੀਸਰੀ ਸਮਾਜਵਾਦੀ ਪਾਰਟੀ ਤੇ ਚੌਥੀ ਚੌਧਰੀ ਚਰਨ ਸਿੰਘ ਦਾ ਭਾਰਤੀ ਲੋਕ ਦਲ ਸੀ। ਇਸ ਤੋਂ ਇਲਾਵਾ ਪੁਰਾਣੀ ਸੁਤੰਤਰ ਪਾਰਟੀ ਤੇ ਐਮਰਜੈਂਸੀ ਹਟਣ ਦੇ ਬਾਅਦ ਕਾਂਗਰਸ ਛੱਡ ਕੇ ਆਏ ਬਾਬੂ ਜਗਜੀਵਨ ਰਾਮ ਦੀ ਅਗਵਾਈ ਵਾਲਾ ਕਾਂਗਰਸ ਫਾਰ ਡੈਮੋਕਰੇਸੀ (ਸੀ ਐੱਫ ਡੀ) ਵਾਲਾ ਗਰੁੱਪ ਵੀ ਇਸੇ ਵਿੱਚ ਮਿਲ ਗਿਆ ਸੀ। ਜਨ ਸੰਘ ਵਾਲੇ ਇਹ ਸਮਝਦੇ ਸਨ ਕਿ ਦੋ ਪਾਰਟੀ ਸਿਸਟਮ ਹੋ ਜਾਵੇ ਤਾਂ ਕਾਂਗਰਸੀ ਦੇ ਮੁਕਾਬਲੇ ਦੀ ਦੂਸਰੀ ਧਿਰ ਉਨ੍ਹਾਂ ਦੇ ਬਿਨਾਂ ਕੋਈ ਨਹੀਂ ਹੋਣੀ ਅਤੇ ਲਾਗੜ-ਭੂਗੜ ਪਾਰਟੀਆਂ ਆਪਣੇ ਆਪ ਝੜ ਜਾਣਗੀਆਂ। ਕਾਂਗਰਸ ਵਿਚਲਾ ਸੰਜੇ ਗਾਂਧੀ ਧੜਾ ਜਿਨ੍ਹਾਂ ਲੋਕਾਂ ਦੀ ਜਕੜ ਵਿੱਚ ਸੀ, ਉਨ੍ਹਾਂ ਵਿੱਚੋਂ ਵੀ ਬਹੁਤਿਆਂ ਉੱਤੇ ਅੰਦਰ-ਖਾਤੇ ਜਨ ਸੰਘ ਨਾਲ ਰਲੇ ਹੋਣ ਦੇ ਦੋਸ਼ ਲੱਗਦੇ ਸਨ ਅਤੇ ਉਨ੍ਹਾਂ ਵਿੱਚੋਂ ਕਈ ਜਣੇ ਭਾਰਤੀ ਜਨਤਾ ਪਾਰਟੀ ਬਣਨ ਪਿੱਛੋਂ ਉਸ ਵਿੱਚ ਚਲੇ ਗਏ ਤਾਂ ਇਹ ਗੱਲ ਸਾਬਤ ਵੀ ਹੋ ਗਈ ਸੀ। ਚੰਗੀ ਗੱਲ ਇਹ ਹੋਈ ਕਿ ਉਸ ਵੇਲੇ ਜਨਤਾ ਪਾਰਟੀ ਅੰਦਰਲੇ ਬਹੁਤੇ ਆਗੂਆਂ ਨੇ ਦੋ ਪਾਰਟੀ ਸਿਸਟਮ ਜਾਂ ਅਮਰੀਕਾ ਵਰਗੇ ਰਾਸ਼ਟਰਪਤੀ ਦੀ ਸਰਦਾਰੀ ਵਾਲੇ ਪ੍ਰਬੰਧ ਦੀ ਰਾਏ ਦਾ ਤਿੱਖਾ ਵਿਰੋਧ ਕੀਤਾ ਅਤੇ ਵੇਲੇ ਸਿਰ ਇਸ ਨੂੰ ਰੋਕ ਲਿਆ ਸੀ। ਉਹ ਗੱਲ ਅੱਜਕੱਲ੍ਹ ਫਿਰ ਦੱਬੀ-ਢੱਕੀ ਸੁਰ ਵਿੱਚ ਚੱਲਦੀ ਮਹਿਸੂਸ ਕੀਤੀ ਜਾਣ ਲੱਗ ਪਈ ਹੈ, ਜਿਹੜੀ ਸਮਾਂ ਪਾ ਕੇ ਭਖਦਾ ਮੁੱਦਾ ਬਣ ਸਕਦੀ ਹੈ।

ਤੀਜਾ ਮੁੱਦਾ ਕੁ ਵੀਹ ਸਾਲ ਪਹਿਲਾਂ ਭਾਰਤੀ ਜਨਤਾ ਪਾਰਟੀ ਦੇ ਮੋਹਰੀ ਆਗੂ ਲਾਲ ਕ੍ਰਿਸ਼ਨ ਅਡਵਾਨੀ ਨੇ ਦੇਸ਼ ਦੇ ਲੋਕਾਂ ਮੂਹਰੇ ਉਛਾਲਿਆ ਸੀ ਕਿ ਵੋਟ ਪਾਉਣ ਜਾਣਾ ਹਰ ਨਾਗਰਿਕ ਦਾ ਕਾਨੂੰਨੀ ਫਰਜ਼ ਹੋਣਾ ਚਾਹੀਦਾ ਹੈ ਤੇ ਜਿਹੜੇ ਲੋਕ ਵੋਟ ਪਾਉਣ ਨਾ ਜਾਣ, ਉਨ੍ਹਾਂ ਦੇ ਖਿਲਾਫ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ। ਅਸੀਂ ਓਦੋਂ ਵੀ ਇਸ ਸੋਚਣੀ ਦਾ ਸਖਤ ਵਿਰੋਧ ਕਰਨ ਵਾਲਿਆਂ ਵਿੱਚੋਂ ਸਾਂ ਅਤੇ ਅੱਜ ਵੀ ਇਸ ਨੂੰ ਠੀਕ ਨਹੀਂ ਮੰਨਦੇ। ਭਾਰਤ ਦੇ ਬਹੁਤ ਸਾਰੇ ਲੋਕਾਂ ਨੂੰ ਅਜੋਕੇ ਰਾਜ ਪ੍ਰਬੰਧ



ਜਤਿੰਦਰ ਪੰਨੂ

ਵਿੱਚ ਵਾਰੋ-ਵਾਰੀ ਅੱਗੇ ਆਉਂਦੀਆਂ ਸਿਆਸੀ ਪਾਰਟੀਆਂ ਵਿੱਚੋਂ ਕਈ ਵਾਰੀ ਕੋਈ ਇੱਕ ਵੀ ਪਸੰਦ ਨਹੀਂ ਹੋ ਸਕਦੀ ਅਤੇ ਉਨ੍ਹਾਂ ਦੇ ਮਨ ਵਿੱਚ ਇਹ ਸੋਚ ਆਉਂਦੀ ਹੈ ਕਿ ਜੇ ਵੋਟ ਪਾਉਣ ਨਾ ਪਾਉਣ ਨਾਲ ਫਰਕ ਕੋਈ ਨਹੀਂ ਪੈਣ ਵਾਲਾ ਤਾਂ ਫਿਰ ਪੋਲਿੰਗ ਬੂਥ ਅੱਗੇ ਧੁੱਪ ਵਿੱਚ, ਧੁੰਦ ਵਿੱਚ ਜਾਂ ਮੀਂਹ ਵਰ੍ਹਦੇ ਵਿੱਚ ਖੜੋਣ ਦਾ ਵੀ ਲਾਭ ਨਹੀਂ। ਇਹ ਗੱਲ ਵੀ ਕਈ ਵਾਰੀ ਕਹੀ ਜਾ ਚੁੱਕੀ ਹੈ ਕਿ ਵੋਟ ਜ਼ਰੂਰ ਪਾਉਣੀ ਚਾਹੀਦੀ ਹੈ, ਤੁਹਾਡੀ ਪਸੰਦ ਦਾ ਕੋਈ ਉਮੀਦਵਾਰ ਨਾ ਹੋਵੇ ਤਾਂ ਜਿਹੜੇ ਉਮੀਦਵਾਰ ਚੋਣ ਲੜ ਰਹੇ ਹੋਣ, ਉਨ੍ਹਾਂ ਵਿੱਚੋਂ ਕਿਸੇ ਘੱਟ ਬੁਰੇ ਨੂੰ ਪਾ ਦੇਣੀ ਚਾਹੀਦੀ ਹੈ। ਕਈ ਵਾਰੀ ਇਹ ਕੰਮ ਵੀ ਆਤਮਾ ਉੱਤੇ ਬੋਝ ਪਾਉਣ ਵਾਲਾ ਸਾਬਤ ਹੁੰਦਾ ਹੈ ਅਤੇ ਇਸ ਦੀਆਂ ਕਈ ਮਿਸਾਲਾਂ ਮੌਜੂਦ ਹਨ। ਉੱਤਰ ਪ੍ਰਦੇਸ਼ ਵਿੱਚ ਵਿੱਚ ਇੱਕ ਵਾਰ ਵਿਧਾਨ ਸਭਾ ਚੋਣਾਂ ਮੌਕੇ ਇੱਕ ਹਲਕੇ ਵਿੱਚ ਤਿੰਨਾਂ ਵੱਡੀਆਂ ਰਾਜਸੀ ਧਿਰਾਂ ਨੇ ਜਿਹੜੇ ਉਮੀਦਵਾਰ ਆਹਮੋ-ਸਾਹਮਣੇ ਖੜੇ ਕੀਤੇ, ਉਹ ਤਿੰਨੇ ਹੀ ਕਤਲ ਕੇਸਾਂ ਵਿੱਚ ਜੇਲ੍ਹ ਵਿੱਚ ਸਨ ਤੇ ਉਨ੍ਹਾਂ ਦੀ ਥਾਂ ਉਨ੍ਹਾਂ ਤਿੰਨਾਂ ਦੇ ਚੋਣ ਏਜੰਟ ਬਾਹਰ ਉਨ੍ਹਾਂ ਦੇ ਚੋਣ ਪ੍ਰਚਾਰ ਦੀ ਕਮਾਨ ਸੰਭਾਲ ਰਹੇ ਸਨ। ਸਾਰਿਆਂ ਨੂੰ ਪਤਾ ਸੀ ਕਿ ਇਨ੍ਹਾਂ ਵਿੱਚੋਂ ਹੀ ਇੱਕ ਜਣੇ ਨੇ ਜਿੱਤਣਾ ਹੈ ਤੇ ਹੋਇਆ ਵੀ ਇਹੋ ਸੀ। ਜਦੋਂ ਨਤੀਜਾ ਆਇਆ ਤਾਂ ਜਿੱਤਣ ਵਾਲੇ ਕਾਤਲ ਕੈਦੀ ਨੇ ਜੇਲ੍ਹ ਵਿੱਚ ਪਾਰਟੀ ਕਰ ਕੇ ਜਿੱਤ ਦਾ ਜਸ਼ਨ ਮਨਾਇਆ ਅਤੇ ਆਪਣੇ ਵਿਰੋਧੀ ਹਾਰੇ ਹੋਏ ਦੋ ਜਣਿਆਂ ਦੀ ਬੈਰਕ ਵਿੱਚ ਵੀ ਖਾਣ ਤੇ ਪੀਣ ਵਾਲਾ ਸਾਮਾਨ ਏਦਾਂ ਭਿਜਵਾ ਦਿੱਤਾ, ਜਿਵੇਂ ਵਿਆਹ-ਸ਼ਾਦੀ ਸਮੇਂ ਸ਼ਰੀਕਾਂ ਦੇ ਘਰ ਖਾਣੇ ਵਾਲੀ ਥਾਲੀ ਭੇਜੀ ਜਾਂਦੀ ਹੈ। ਜਿਸ ਹਲਕੇ ਦੇ ਲੋਕਾਂ ਨੂੰ ਇਹ ਅਗੇਤਾ ਹੀ ਪਤਾ ਹੋਵੇ ਕਿ ਤਿੰਨ ਕਾਤਲ ਖੜੇ ਹਨ ਅਤੇ ਇਨ੍ਹਾਂ ਵਿੱਚੋਂ ਹੀ ਕਿਸੇ ਇੱਕ ਨੇ ਜਿੱਤਣਾ ਹੈ ਤਾਂ ਉਹ ਉਨ੍ਹਾਂ ਵਿੱਚੋਂ ਇੱਕ ਨੂੰ ਵੋਟਾਂ ਪਾਉਣ ਦੀ ਸ਼ਰਮਨਾਕ ਪ੍ਰਕਿਰਿਆ ਵਿੱਚ ਸ਼ਾਮਲ ਹੋਣ ਦੇ ਲਈ ਲਾਈਨਾਂ ਵਿੱਚ ਜਾ ਕੇ ਖੜੋਣ ਦੀ ਥਾਂ ਉਨ੍ਹਾਂ ਵਿਚੋਂ ਕਈ ਘਰ ਦਾ ਕੰਮ ਕਰਨ ਜਾਂ ਛੁੱਟੀ ਮਨਾਉਣ ਨੂੰ ਪਹਿਲ ਦੇਣਗੇ ਅਤੇ 'ਸਾਨ੍ਹਾਂ ਦੇ ਭੇੜ ਵਿੱਚ' ਸੱਟ-ਫੇਟ ਖਾਣ ਲਈ ਖਾਹ-ਮਖਾਹ ਦਾ ਖਤਰਾ ਮੁੱਲ ਲੈਣਾ ਕਦੇ ਨਹੀਂ ਚਾਹੁਣਗੇ।

ਬੜਾ ਚਿਰ ਇਹੋ ਜਿਹੀ ਬਹਿਸ ਰੁਕੀ ਰਹੀ ਸੀ, ਪਰ ਪਿਛਲੇ ਦਿਨੀਂ ਕੁਝ ਰਾਜਸੀ ਚੁਸਤੀਆਂ ਕਰਨ ਵਾਲੇ ਦਿਮਾਗਾਂ ਨੇ ਇਹ ਗੱਲ ਫਿਰ ਛੇੜ ਦਿੱਤੀ ਹੈ। ਇਸ ਵਾਰੀ ਸਾਹਮਣੇ ਇੰਦਰਾ ਗਾਂਧੀ ਨਹੀਂ, ਜਿਹੜੀ ਹੋਰ ਸਾਰੇ ਸਿਆਸੀ ਆਗੂਆਂ ਦੇ ਮੁਕਾਬਲੇ ਦੇਸ਼ ਦੇ ਲੋਕਾਂ ਵਿੱਚ ਉੱਚੇ ਕੱਦ ਵਾਲੀ ਗਿਣੀ ਜਾਣ ਨਾਲ ਕਾਂਗਰਸ ਪਾਰਟੀ ਨੂੰ ਆਸ ਹੋਵੇ ਕਿ ਰਾਜ-ਸੱਤਾ ਫਿਰ ਉਨ੍ਹਾਂ ਕੋਲ ਆ ਸਕਦੀ ਹੈ, ਫਿਰ ਵੀ ਕੁਝ ਕਾਂਗਰਸੀ ਆਗੂ ਇਹ ਆਸ ਰੱਖੀ ਜਾਂਦੇ ਹਨ ਕਿ ਜਦੋਂ ਕਦੇ ਨਰਿੰਦਰ ਮੋਦੀ ਦੇ ਖਿਲਾਫ ਜਨਤਾ ਵਿੱਚ ਕੋਈ ਉਭਾਰ ਪੈਦਾ ਹੋਇਆ ਤਾਂ ਓਦੋਂ ਸਾਡੇ ਬਿਨਾਂ ਕੋਈ ਅੱਗੇ ਆਉਣ ਵਾਲਾ ਨਹੀਂ। ਇਸ ਆਸ ਦੇ ਚੱਕਰ ਵਿੱਚ ਉਹ ਭਾਰਤ ਨੂੰ ਰੂਸ ਵਿੱਚ ਵਲਾਦੀਮੀਰ ਪੂਤਿਨ ਵਾਲੀ ਹਾਲਤ ਵਿੱਚ ਫਸਦਾ ਵੇਖਣ ਜੋਗੇ ਵੀ ਨਹੀਂ ਤੇ ਉਹ ਇਹ ਵੀ ਨਹੀਂ ਦੇਖਦੇ ਕਿ ਭਾਰਤ ਪਹਿਲਾਂ ਹੀ ਉਸ ਰਾਹ ਵੱਲ ਵਧੀ ਜਾਂਦਾ ਹੈ, ਜਿੱਥੇ ਸਿਰਫ ਕਹਿਣ ਨੂੰ ਦੋ ਰਾਜਸੀ ਧਿਰਾਂ ਹੋ ਸਕਦੀਆਂ ਹਨ, ਅਸਲ ਵਿੱਚ ਇੱਕ ਵਿਸ਼ੇਸ਼ ਧਰਮ ਦੀ ਬਹੁ-ਗਿਣਤੀ ਦਾ ਧਰੁਵੀਕਰਨ ਬਣਨ ਦੇ ਹਾਲਾਤ ਹਨ। ਜਿਹੜੇ ਵੀ ਦੇਸ਼ ਵਿੱਚ ਇਸ ਤਰ੍ਹਾਂ ਦਾ ਧਰੁਵੀਕਰਨ ਹੋਣਾ ਸ਼ੁਰੂ ਹੋ ਜਾਵੇ, ਉਸ ਨੂੰ ਵੇਲੇ ਸਿਰ ਨਾ ਸਮਝਿਆ ਜਾਵੇ ਤਾਂ ਫਿਰ ਕਦੀ ਮੋੜਾ ਪੈਣ ਜਾਂ ਰੋਕ ਲੱਗਣ ਦੀ ਗੁੰਜਾਇਸ਼ ਹੀ ਨਹੀਂ ਰਿਹਾ ਕਰਦੀ। ਅਜੋਕੇ ਸਮੇਂ ਵਿੱਚ ਭਾਰਤ ਜਿਸ ਤਰ੍ਹਾਂ ਦੇ ਹਾਲਾਤ ਦੀ ਘੁੰਮਣਘੇਰੀ ਵਿੱਚ ਫਸਦਾ ਜਾਂਦਾ ਹੈ ਅਤੇ ਜਿਵੇਂ ਸਿਰਫ ਇੱਕ ਧਰਮ ਦੇ ਖਾਸ ਰੁਤਬੇ ਦੀ ਰਾਜਨੀਤਕ ਲਹਿਰ ਚਲਾਈ ਜਾ ਰਹੀ ਹੈ, ਉਸ ਨਾਲ ਇਸ ਦੇਸ਼ ਵਿੱਚ ਕਿਸ ਦੇ ਦੁਆਲੇ ਧਰੁਵੀਕਰਨ ਹੋ ਸਕਦਾ ਹੈ, ਇਹ ਵੀ ਕਿਸੇ ਤੋਂ ਗੁੱਝਾ ਨਹੀਂ।

ਜਿਹੜੀ ਗੱਲ ਹੋਣੀ ਚਾਹੀਦੀ ਸੀ ਤੇ ਕਦੀ ਕਿਸੇ ਨੇ ਕਰਨੀ ਤੱਕ ਵੀ ਨਹੀਂ ਸੀ ਸੋਚੀ, ਉਹ ਸਾਬਕਾ ਰਾਸ਼ਟਰਪਤੀ ਕ੍ਰਿਸ਼ਨ ਕਾਂਤ ਦੀ ਇਹ ਸੋਚ ਸੀ ਕਿ ਭਾਰਤ ਵਿੱਚ ਚੋਣ ਪ੍ਰਬੰਧ ਵਿੱਚ ਇਹ ਨਿਯਮ ਚਾਹੀਦਾ ਹੈ ਕਿ ਕੋਈ ਉਮੀਦਵਾਰ ਓਦੋਂ ਜੇਤੂ ਮੰਨਿਆ ਜਾਵੇਗਾ, ਜਦੋਂ ਆਪਣੇ ਹਲਕੇ ਵਿੱਚ ਪੋਲ ਹੋਈਆਂ ਕੁੱਲ ਵੋਟਾਂ ਦਾ ਅੱਧੇ ਤੋਂ ਵੱਧ ਲਵੇਗਾ। ਅੱਜਕੱਲ੍ਹ ਕਈ ਆਗੂ ਜਿੱਤ ਭਾਵੇਂ ਜਾਂਦੇ ਹਨ, ਪਰ ਹਲਕੇ ਦੀਆਂ ਅੱਧੀਆਂ ਕੀ, ਤੀਸਰਾ ਹਿੱਸਾ ਵੋਟਾਂ ਵੀ ਨਹੀਂ ਲੈ ਸਕਦੇ। ਪੰਜਾਬ ਵਿਧਾਨ ਸਭਾ ਦੇ ਮੌਜੂਦਾ ਮੈਂਬਰਾਂ ਵਿੱਚੋਂ ਵੀ ਨੌਂ ਜਣੇ ਪਿਛਲੇ ਸਾਲ ਤੇਤੀ ਫੀਸਦੀ ਤੋਂ ਘੱਟ ਵੋਟਾਂ ਨਾਲ ਜਿੱਤੇ ਹਨ ਤੇ ਇਨ੍ਹਾਂ ਵਿੱਚੋਂ ਵੀ ਚਾਰ ਜਣਿਆਂ ਨੂੰ ਪੋਲ ਹੋਈਆਂ ਕੁੱਲ ਵੋਟਾਂ ਵਿੱਚੋਂ ਤੀਹ ਫੀਸਦੀ ਤੋਂ ਘੱਟ ਮਿਲੀਆਂ ਹਨ। ਦੋਆਬੇ ਦੇ ਇੱਕ ਹਲਕੇ ਦੇ ਚੌਕੋਨੇ ਮੁਕਾਬਲੇ ਵਿੱਚ ਜਿੱਤਿਆ ਵਿਧਾਇਕ ਪੋਲ ਹੋਈਆਂ ਵੋਟਾਂ ਦਾ ਸਾਢੇ ਛੱਬੀ ਫੀਸਦੀ ਵੀ ਨਹੀਂ ਲੈ ਸਕਿਆ। ਕ੍ਰਿਸ਼ਨ ਕਾਂਤ ਫਾਰਮੂਲੇ ਮੁਤਾਬਕ ਹਰ ਉਮੀਦਵਾਰ ਦੇ ਜਿੱਤਣ ਲਈ ਪੋਲ ਹੋਈਆਂ ਵੋਟਾਂ ਵਿੱਚੋਂ ਅੱਧੇ ਨਾਲੋਂ ਵੱਧ ਲੈਣ ਦੀ ਸ਼ਰਤ ਜੋੜੀ ਜਾਵੇ ਤਾਂ ਜਿਸ ਹਲਕੇ ਵਿੱਚ ਹਰ ਉਮੀਦਵਾਰ ਦੀਆਂ ਇਸ ਤੋਂ ਘੱਟ ਵੋਟਾਂ ਨਿਕਲਣ, ਓਥੇ ਬਾਕੀਆਂ ਤੋਂ ਅੱਗੇ ਜਾਣ ਵਾਲੇ ਤਿੰਨ ਉਮੀਦਵਾਰਾਂ ਦਾ ਫਿਰ ਮੁਕਾਬਲਾ ਕਰਵਾਇਆ ਜਾ ਸਕਦਾ ਹੈ। ਜੇ ਕਿਸੇ ਥਾਂ ਫਿਰ ਵੀ ਕੋਈ ਅੱਧੇ ਨਾਲੋਂ ਵੱਧ ਵੋਟ ਨਾ ਲੈ ਸਕੇ ਤਾਂ ਮੂਹਰਲੇ ਦੋਂਹ ਵਿੱਚ ਮੁਕਾਬਲਾ ਹੋ ਸਕਦਾ ਹੈ, ਪਰ ਏਦਾਂ ਦਾ ਹਲਕਾ ਕੋਈ ਵਿਰਲਾ ਹੀ ਨਿਕਲੇਗਾ। ਇਸ ਪ੍ਰਬੰਧ ਨਾਲ ਇੱਕ ਫਰਕ ਇਹ ਪੈ ਸਕਦਾ ਹੈ ਕਿ ਕਿਸੇ ਹਲਕੇ ਦਾ ਉਮੀਦਵਾਰ ਓਥੋਂ ਦੇ ਘੱਟ-ਗਿਣਤੀ ਭਾਈਚਾਰੇ ਖਿਲਾਫ ਲੋਕਾਂ ਨੂੰ ਭੜਕਾ ਕੇ ਨਹੀਂ ਜਿੱਤ ਸਕੇਗਾ। ਜਿਸ ਹਲਕੇ ਵਿੱਚ ਬਹੁ-ਗਿਣਤੀ ਲੋਕਾਂ ਦੀ ਵਸੋਂ ਬਾਹਲੀ ਹੋਵੇਗੀ, ਓਥੇ ਵੀ ਸਾਰਾ ਭਾਈਚਾਰਾ ਇੱਕਮੁੱਠ ਹੋ ਕੇ ਵੋਟਾਂ ਨਾ ਪਾਉਂਦਾ ਹੋਣ ਕਾਰਨ ਘੱਟ-ਗਿਣਤੀ ਭਾਈਚਾਰੇ ਦੇ ਲੋਕਾਂ ਦੇ ਵੋਟ ਮੰਗਣੇ ਪੈਣਗੇ ਅਤੇ ਇਹ ਵੋਟ ਉਸ ਉਮੀਦਵਾਰ ਨੂੰ ਕਦੇ ਵੀ ਨਹੀਂ ਮਿਲਣਗੇ, ਜਿਹੜਾ ਬਹੁ-ਗਿਣਤੀ ਵਾਲੇ ਲੋਕਾਂ ਨੂੰ ਭੜਕਾ ਕੇ ਦੂਸਰੇ ਭਾਈਚਾਰੇ ਦੇ ਗਲ਼ ਪਵਾਉਣ ਦੀ ਰਾਜਨੀਤੀ ਕਰੇਗਾ। ਇਸ ਨਾਲ ਦੇਸ਼ ਵਿੱਚ ਮਾਹੌਲ ਸੁਖਾਲਾ ਹੋ ਸਕਦਾ ਹੈ।

ਦੁੱਖ ਦੀ ਗੱਲ ਇਹ ਹੈ ਕਿ ਦੇਸ਼ ਦੇ ਅਮਨ-ਅਮਾਨ ਨਾਲ ਵਿਕਾਸ ਦੇ ਰਾਹ ਉੱਤੇ ਤੁਰਨ ਲਈ ਜੋ ਕੁਝ ਕਰਨ ਦੀ ਲੋੜ ਹੈ, ਉਸ ਦੀ ਥਾਂ ਹੋਰ ਵੀ ਕੁਰਾਹੇ ਪਾਉਣ ਵਾਲੀ ਬਹਿਸ ਮੁੜ ਕੇ ਛੇੜੀ ਜਾਣ ਲੱਗ ਪਈ ਹੈ।

# ਬੱਚਿਆਂ ਨੂੰ ਮੋਬਾਈਲ ਦਾ ਵਿਕਲਪ ਨਾ ਦਿਉ

ਬੱਚਿਆਂ ਦੇ ਮੋਬਾਈਲ ਦੀ ਲਤ ਕਾਰਨ ਉਨ੍ਹਾਂ ਦਾ ਸਰੀਰਕ ਅਤੇ ਮਾਨਸਿਕ ਵਿਕਾਸ ਪ੍ਰਭਾਵਿਤ ਹੋ ਰਿਹਾ ਹੈ। ਜਾਗਰੂਕ ਮਾਪਿਆਂ ਨੇ ਕਿਸੇ ਨਾ ਕਿਸੇ ਸਮੇਂ ਇਹ ਸਮੱਸਿਆ ਜ਼ਰੂਰ ਮਹਿਸੂਸ ਕੀਤੀ ਹੋਵੇਗੀ। ਬੱਚਿਆਂ ਨੂੰ ਇਸ ਲਤ ਤੋਂ ਬਚਾਇਆ ਜਾ ਸਕਦਾ ਹੈ। ਜੇਕਰ ਘਰ 'ਚ ਬੱਚੇ ਬਹੁਤ ਛੋਟੇ ਹਨ ਤਾਂ ਆਪ ਮੋਬਾਈਲ ਵੱਲ ਨਹੀਂ ਦੇਖਣਾ ਚਾਹੀਦਾ। ਕਿਉਂਕਿ ਬੱਚੇ ਤੁਹਾਡੀ ਨਕਲ ਕਰਦੇ ਹਨ। ਕੋਸ਼ਿਸ਼ ਕਰੋ ਕਿ ਬੱਚੇ ਦੇ ਸਾਹ-ਮਣੇ ਮੋਬਾਈਲ ਹੱਥ ਵਿੱਚ ਨਾ ਰੱਖੋ। ਮਾਂ ਖਾਣਾ ਖਾਂਦੇ ਸਮੇਂ ਬੱਚਿਆਂ ਨੂੰ ਮੋਬਾਈਲ ਦਿੰਦੀ ਹੈ ਅਤੇ ਬੱਚੇ ਆਸਾਨੀ ਨਾਲ ਖਾਣਾ ਖਾਂਦੇ ਹਨ। ਸ਼ੁਰੂ ਵਿਚ ਸਭ ਕੁਝ ਠੀਕ-ਠਾਕ ਲੱਗਦਾ ਹੈ, ਪਰ ਫਿਰ ਬੱਚਿਆਂ ਨੂੰ ਮੋਬਾਈਲ ਫ਼ੋਨ ਮਿਲ ਜਾਂਦਾ ਹੈ। ਨਸ਼ਾ ਲੱਗ ਜਾਂਦਾ ਹੈ। ਆਯੁਰਵੇਦ ਅਨੁਸਾਰ ਭੋਜਨ ਕਰਦੇ ਸਮੇਂ ਤੁਹਾਡਾ ਧਿਆਨ ਸਿਰਫ਼ ਖਾਣ 'ਤੇ ਹੀ ਹੋਣਾ ਚਾਹੀਦਾ ਹੈ, ਨਹੀਂ ਤਾਂ ਭੋਜਨ ਠੀਕ ਤਰ੍ਹਾਂ ਨਾਲ ਨਹੀਂ ਪਚੇਗਾ ਅਤੇ ਤੁਹਾਡਾ ਪੇਟ ਖਰਾਬ ਹੋਵੇਗਾ। ਖਾਣਾ ਖਾਂਦੇ ਸਮੇਂ ਬੱਚਿਆਂ ਨੂੰ ਮੋਬਾਈਲ ਨਾ ਦਿਓ, ਭਾਵੇਂ ਬੱਚੇ ਖਾਣਾ ਕਿਉਂ ਨਾ ਖਾਂਦੇ ਹੋਣ। ਕਈ ਵਾਰ ਮਾਵਾਂ ਬੱਚਿਆਂ ਨੂੰ ਘਰ ਦੇ ਕੰਮ ਜਿਵੇਂ ਕਿ ਰਸੋਈ



ਦਾ ਕੰਮ ਜਾਂ ਕੱਪੜੇ ਧੋਣ ਆਦਿ ਨੂੰ ਆਸਾਨੀ ਨਾਲ ਕਰਨ ਲਈ ਮੋਬਾਈਲ ਦਿੰਦੀਆਂ ਹਨ ਤਾਂ ਜੋ ਬੱਚੇ ਉਨ੍ਹਾਂ ਨੂੰ ਪਰੇਸ਼ਾਨ ਨਾ ਕਰਨ। ਇਸ ਕਾਰਨ ਬੱਚੇ ਮੋਬਾਈਲ ਦੇ ਆਦੀ ਹੋ ਜਾਂਦੇ ਹਨ। ਬੱਚਿਆਂ ਲਈ ਮੋਬਾਈਲ ਘੱਟ ਦੇਖਣ ਲਈ ਉਨ੍ਹਾਂ ਨੂੰ ਕਿਸੇ ਨਾ ਕਿਸੇ ਕਲਾ ਵਿੱਚ ਵਿਅਸਤ ਰੱਖਣਾ ਸਭ ਤੋਂ ਜ਼ਰੂਰੀ ਹੈ। ਬੱਚੇ ਦੀ ਮਿੱਟੀਉਹ ਇਸਤਰੀਆਂ ਵਰਗੀਆਂ ਹਨ, ਤੁਸੀਂ ਉਨ੍ਹਾਂ ਨੂੰ ਜਿਸ ਸਾਂਚੇ ਵਿੱਚ ਢਾਲੋਗੇ, ਉਹ ਉਸ ਵਿੱਚ ਢਾਲੇ ਜਾਣਗੇ। ਜੇਕਰ ਅਸੀਂ ਚਾਹੁੰਦੇ ਹਾਂ ਕਿ ਬੱਚੇ ਮੋਬਾਈਲ ਵੱਲ ਨਾ ਦੇਖਣ, ਤਾਂ ਸਾਨੂੰ ਉਨ੍ਹਾਂ ਨੂੰ ਕਿਸੇ ਨਾ ਕਿਸੇ ਕੰਮ ਵਿੱਚ ਵਿਅਸਤ ਰੱਖਣਾ ਪਵੇਗਾ। ਤੁਸੀਂ ਉਨ੍ਹਾਂ ਨੂੰ ਕਹਾਣੀ ਸੁਣਾਓ। ਉਹਨਾਂ ਨੂੰ ਖੇਡਣ ਲਈ ਰਚਨਾਤਮਕ ਖਿਡੌਣੇ ਦਿਓ। ਹੁਣ ਗੱਲ ਕਰਦੇ ਹਾਂ ਥੋੜ੍ਹੇ ਜਿਹੇ ਵੱਡੇ ਬੱਚਿਆਂ ਦੀ। ਬੱਚਿਆਂ ਨੂੰ ਨਿਸ਼ਚਿਤ ਸਮੇਂ ਲਈ ਮੋਬਾਈਲ ਦਿਓ ਅਤੇ ਨਜ਼ਰ ਰੱਖੋ। ਕਈ ਵਾਰ ਬੱਚੇ ਮੋਬਾਈਲ ਹੀ ਮੰਗਦੇ ਹਨ ਕਿਉਂਕਿ ਉਨ੍ਹਾਂ ਦੀ ਜਮਾਤ ਦੇ ਬੱਚੇ ਅਜਿਹਾ ਕਰਦੇ ਹਨ। ਵਿਚਕਾਰ ਬੱਚਿਆਂ ਨੂੰ ਸਮਝਾਓ ਕਿ ਮੋਬਾਈਲ ਦੀ ਸਕਾਰਾਤਮਕ ਵਰਤੋਂ ਕਿਵੇਂ ਕਰਨੀ ਹੈ। ਤੁਸੀਂ ਆਪਣੇ ਆਪ ਨੂੰਆਪਣੇ ਆਪ 'ਤੇ ਵੀ ਕਾਬੂ ਰੱਖੋ। ਅਧਿਆਤਮਿਕ ਗਤੀਵਿਧੀਆਂ ਤੁਹਾਨੂੰ ਸਕਾਰ-ਾਤਮਕ ਬਣਾਉਂਦੀਆਂ ਹਨ ਅਤੇ ਇੱਕ ਚੰਗੀ ਰੁਟੀਨ ਪ੍ਰਦਾਨ ਕਰਦੀਆਂ ਹਨ। ਜੇਕਰ ਤੁਸੀਂ ਆਪਣੀ ਰੋਜ਼ਾਨਾ ਦੀ ਰੁਟੀਨ ਵਿੱਚ ਅਧਿਆਤਮਿਕ ਗਤੀਵਿਧੀਆਂ ਨੂੰ ਸ਼ਾਮਲ ਕਰਦੇ ਹੋ, ਤਾਂ ਤੁਹਾਨੂੰ ਮੋਬਾਈਲ ਲਈ ਸਮਾਂ ਨਹੀਂ ਮਿਲੇਗਾ। ਇੱਕ ਵਾਰ ਦਿੱਲੀ ਮੈਟਰੋ ਵਿੱਚ ਇੱਕ 10-12 ਸਾਲ ਦੀ ਬੱਚੀ ਨੂੰ ਕਿਤਾਬ ਪੜ੍ਹਦਿਆਂ ਦੇਖ ਕੇ ਇੱਕ ਬਜ਼ੁਰਗ ਔਰਤ ਨੇ ਆਪਣੀ ਮਾਂ ਨੂੰ ਪੁੱਛਿਆ ਕਿ ਅੱਜ ਦੇ ਸਮੇਂ ਵਿੱਚ ਜਦੋਂ ਸਾਰੇ ਬੱਚੇ ਮੋਬਾਈਲ ਲੈ ਕੇ ਜਾਂਦੇ ਹਨ ਤਾਂ ਤੁਹਾਡੀ ਬੱਚੀ ਨੂੰ ਕਿਤਾਬਾਂ ਪੜ੍ਹਨ ਦੀ ਆਦਤ ਕਿਵੇਂ ਪੈ ਗਈ? ਫਿਰ ਉਸਦੀ ਮਾਂ ਦਾ ਦਿੱਤਾ ਜਵਾਬ ਮੇਰਾ ਮਾਰਗ ਦਰਸ਼ਕ ਬਣ ਗਿਆ। ਦੀ ਹੈ, ਜੋ ਕਿਮਾਂ ਨੇ ਜਵਾਬ ਦਿੱਤਾ, 'ਕਿਉਂਕਿ ਮੇਰੇ ਹੱਥ ਵਿਚ ਕਿਤਾਬ ਹੈ, ਇਸ ਲਈ ਉਸ ਦੇ ਹੱਥ ਵਿਚ ਵੀ ਇਕ ਕਿਤਾਬ ਹੈ।' ਅੱਜ ਸਾਨੂੰ ਅਜਿਹੀਆਂ ਮਾਵਾਂ ਦੀ ਲੋੜ ਹੈ।

*-ਵਿਜੈ ਗਰਗ*
*ਰਿਟਾਇਰਡ ਪ੍ਰਿੰਸੀਪਲ*
*ਐਜੂਕੇਸ਼ਨਲ ਕਾਲਮਨਵੀਸ*
*ਮਲੋਟ,ਪੰਜਾਬ।*

ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।

RSFO
Ramgarhia Sikh Foundation of Ontario

Ramgarhia Sikh Foundation of Ontario
10th International Award 2023

Dedicated to the 300th Birth Anniversary of Maharaja Jassa Singh Ramgarhia

300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada

# ਕੋਟਕਪੂਰਾ ਗੋਲੀਕਾਂਡ ਮਾਮਲੇ ਵਿਚ ਸਾਬਕਾ ਡੀਜੀਪੀ. ਸੁਮੇਧ ਸੈਣੀ ਨੂੰ ਮਿਲੀ ਜ਼ਮਾਨਤ

ਫਰੀਦਕੋਟ, 2 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਵਿੱਚ ਕੋਟਕਪੂਰਾ ਗੋਲੀ ਕਾਂਡ ਵਿੱਚ ਐਸਆਈਟੀ ਵੱਲੋਂ ਨਾਮਜ਼ਦ ਕੀਤੇ ਗਏ 6 ਵਿਅਕਤੀਆਂ ਵਿੱਚੋਂ ਸਾਬਕਾ ਡੀਜੀਪੀ ਸੁਮੇਧ ਸਿੰਘ ਸੈਣੀ ਨੇ ਵੀ ਜ਼ਮਾਨਤ ਲੈ ਲਈ ਹੈ। ਉਹ ਸ਼ਨੀਵਾਰ ਨੂੰ ਫਰੀਦਕੋਟ ਅਦਾਲਤ ਵਿੱਚ ਪਹੁੰਚੇ ਅਤੇ 5 ਲੱਖ ਰੁਪਏ ਦਾ ਬਾਂਡ ਭਰਿਆ। ਕੋਟਕਪੂਰਾ ਗੋਲੀ ਕਾਂਡ ਦੀ ਅਗਲੀ ਤਰੀਕ 12 ਅਪ੍ਰੈਲ ਤੈਅ ਕੀਤੀ ਗਈ ਹੈ।

ਐਡਵੋਕੇਟ ਜਸਵੰਤ ਸਿੰਘ ਨੇ ਦੱਸਿਆ ਕਿ ਚਾਰਜਸ਼ੀਟ ਅਨੁਸਾਰ ਕੋਟਕਪੂਰਾ ਗੋਲੀ ਕਾਂਡ ਦੇ ਮੁੱਖ ਸਾਜ਼ਿਸ਼ਕਾਰ ਤਤਕਾਲੀ ਡੀਜੀਪੀ ਸੁਮੇਧ ਸੈਣੀ ਅਤੇ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੂੰ ਨਾਮਜ਼ਦ ਕੀਤਾ ਗਿਆ ਹੈ, ਜਦਕਿ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ 'ਤੇ ਸਾਜ਼ਿਸ਼ ਨੂੰ ਅੰਜਾਮ ਦੇਣ ਵਿੱਚ ਮਦਦ ਕਰਨ ਦਾ ਦੋਸ਼ ਹੈ। ਤਤਕਾਲੀ ਆਈਜੀ ਉਮਰਾਨੰਗਲ, ਡੀਆਈਜੀ ਫ਼ਿਰੋਜ਼ਪੁਰ ਅਮਰ ਸਿੰਘ ਚਾਹਲ ਅਤੇ ਐਸਐਸਪੀ ਮੋਗਾ



ਚਰਨਜੀਤ ਸਿੰਘ ਸ਼ਰਮਾ 'ਤੇ ਵੀ ਸਾਜ਼ਿਸ਼ ਨੂੰ ਅੰਜਾਮ ਦੇਣ ਦਾ ਦੋਸ਼ ਹੈ।

ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਹੁਣ ਤੱਕ 5 ਮੁਲਜ਼ਮਾਂ ਦੀ ਜ਼ਮਾਨਤ ਹੋ ਚੁੱਕੀ ਹੈ, ਜਦੋਂ ਕਿ ਇੱਕ ਮੁਲਜ਼ਮ ਸਾਬਕਾ ਡੀਆਈਜੀ ਅਮਰਜੀਤ ਸਿੰਘ ਚਾਹਲ ਦੀ ਜ਼ਮਾਨਤ ਬਾਕੀ ਹੈ। ਉਸ ਨੇ ਹਾਈ ਕੋਰਟ ਵਿੱਚ ਜ਼ਮਾਨਤ ਲਈ ਅਰਜ਼ੀ ਵੀ ਦਿੱਤੀ ਹੋਈ ਹੈ। ਉਨ੍ਹਾਂ ਦੱਸਿਆ ਕਿ ਗੋਲੀਬਾਰੀ ਦੀਆਂ ਘਟਨਾਵਾਂ ਵਿੱਚ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਤੋਂ ਪੰਜਾਬ ਪੁਲਿਸ ਦੀ ਐਸਆਈਟੀ ਵੱਲੋਂ ਕਈ ਵਾਰ ਪੁੱਛਗਿੱਛ ਕੀਤੀ ਜਾ ਚੁੱਕੀ ਹੈ।

ਪਰ, ਪਹਿਲੀ ਵਾਰ ਕੋਟਕਪੂਰਾ ਗੋਲੀ ਕਾਂਡ ਦੇ ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ ਹੈ। ਉਪਰੋਕਤ ਦੋਵੇਂ ਮੁਲਜ਼ਮ 23 ਮਾਰਚ ਨੂੰ ਵੱਡੀ ਗਿਣਤੀ ਵਿੱਚ ਆਪਣੇ ਸਮਰਥਕਾਂ ਨਾਲ ਫਰੀਦਕੋਟ ਪੁੱਜੇ ਅਤੇ ਅਦਾਲਤ ਤੋਂ ਜ਼ਮਾਨਤ ਹਾਸਲ ਕਰ ਲਈ।

ਐਡਵੋਕੇਟ ਜਸਵੰਤ ਨੇ ਦੱਸਿਆ ਕਿ ਸਾਬਕਾ ਡੀਜੀਪੀ ਸੁਮੇਧ ਸਿੰਘ ਦੀ ਜ਼ਮਾਨਤ ਇਲਾਕਾ ਮੈਜਿਸਟਰੇਟ ਅਜੈ ਪਾਲ ਸਿੰਘ ਦੀ ਅਦਾਲਤ ਵਿੱਚ 5 ਲੱਖ ਰੁਪਏ ਦੇ ਮੁਚੱਲਕੇ ਅਤੇ ਜ਼ਮਾਨਤ ਭਰ ਕੇ ਰਿਲੀਜ਼ ਕਰ ਦਿੱਤੀ ਗਈ ਹੈ।

ਇਸ ਦੌਰਾਨ ਸਾਬਕਾ ਡੀਜੀਪੀ ਸੁਮੇਧ ਸਿੰਘ ਸੈਣੀ ਤਿੰਨ ਘੰਟੇ ਅਦਾਲਤੀ ਕੰਪਲੈਕਸ ਵਿੱਚ ਰਹੇ। ਉਨ੍ਹਾਂ ਕਿਹਾ ਕਿ ਐਸਆਈਟੀ ਇਸ ਮਾਮਲੇ ਨੂੰ 27 ਅਪਰੈਲ ਤੱਕ ਸੈਸ਼ਨ ਅਦਾਲਤ ਵਿੱਚ ਲਿਜਾਣ ਦੀ ਯੋਜਨਾ ਬਣਾ ਰਹੀ ਹੈ। ਹਾਈਕੋਰਟ ਨੇ ਹੁਕਮ ਦਿੱਤਾ ਹੈ ਕਿ ਇਸ ਕੇਸ ਨਾਲ ਸਬੰਧਤ ਸਾਰੇ ਕੇਸ ਉਸੇ ਅਦਾਲਤ ਵਿੱਚ ਚਲਾਏ ਜਾਣ, ਪਹਿਲਾਂ ਹੀ ਬਹਿਬਲ ਕਲਾਂ ਗੋਲੀ ਕਾਂਡ ਦਾ ਕੇਸ ਸੈਸ਼ਨ ਅਦਾਲਤ ਵਿੱਚ ਚੱਲ ਰਿਹਾ ਹੈ। ਅਜਿਹੇ 'ਚ ਕੋਟਕਪੂਰਾ ਗੋਲੀਕਾਂਡ ਦਾ ਮਾਮਲਾ ਸੈਸ਼ਨ ਕੋਰਟ 'ਚ ਜਾਣਾ ਵੀ ਤੈਅ ਹੈ।





## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।











## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.









## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664


ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661



## ਲੜਕੇ ਦੀ ਲੋੜ

ਰਮਦਾਸੀਆ ਸਿੱਖ ਸੋਹਣੀ ਸੁਨੱਖੀ ਲੜਕੀ, ਕੱਦ 5 ਫੁੱਟ 7 ਇੰਚ, ਜਨਮ 1993, ਐਮ.ਟੈਕ, ਕੈਨੇਡਾ ਦੀ ਪੀ.ਆਰ., ਲਈ ਪ੍ਰੋਫੈਸ਼ਨਲੀ ਕੁਆਲੀਫਾਈਡ ਸਿੱਖ ਲੜਕੇ ਦੀ ਲੋੜ ਹੈ। ਲੜਕਾ ਪੀ.ਆਰ. ਹੋਣਾ ਚਾਹੀਦਾ ਹੈ ਅਤੇ ਕੈਨੇਡਾ ਵਿਚ ਕੰਮ ਕਰਦੇ ਲੜਕੇ ਨੂੰ ਪਹਿਲ ਦਿੱਤੀ ਜਾਵੇਗੀ। ਫੋਟੋ/ਬਾਇਓਡਾਟਾ sukhik0113@gmail.com ਉਤੇ ਭੇਜ ਸਕਦੇ ਹੋ। ਸੰਪਰਕ: +91 9868560322 ਜਾਂ 437 261 4061

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

Saini Sikh family living in Ontario seeks suitable match for their beautiful daughter born in India and raised in Canada since 2005, 27-year-old, slim 5'3" tall has a bachelor degree and a good job. Boy should be Sikh, educated, living and working in Canada. Please contact on +1 (289) 707- 4366.

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

## ਮੁੱਖ ਮੰਤਰੀ ਨੇ ਵਿਧਾਇਕਾਂ ਨੂੰ ਕਿਸਾਨਾਂ ਨਾਲ ਮੁਲਾਕਾਤ ਕਰਨ ਲਈ ਕਿਹਾ, ਅਧਿਕਾਰੀਆਂ ਨੂੰ ਗਿਰਦਾਵਰੀ ਜਲਦੀ ਕਰਨ ਦੇ ਨਿਰਦੇਸ਼

* ਵਿਸਾਖੀ ਦੇ ਤਿਉਹਾਰ 'ਤੇ ਕਿਸਾਨਾਂ ਨੂੰ ਦਿੱਤਾ ਜਾਵੇਗਾ ਮੁਆਵਜ਼ਾ

ਚੰਡੀਗੜ੍ਹ, 2 ਅਪ੍ਰੈਲ (ਪੋਸਟ ਬਿਊਰੋ): ਵਿਸਾਖੀ ਦੇ ਤਿਉਹਾਰ ਤੋਂ ਪਹਿਲਾਂ ਕਿਸਾਨਾਂ ਦੀ ਫਸਲ ਦੇ ਨੁਕਸਾਨ ਦਾ ਮੁਆਵਜ਼ਾ ਯਕੀਨੀ ਬਣਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵਿਧਾਇਕਾਂ ਅਤੇ ਅਧਿਕਾਰੀਆਂ ਨੂੰ ਗਿਰਦਾਵਰੀ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਅਤੇ ਕਿਸਾਨਾਂ ਦੀਆਂ ਸਮੱਸਿਆਵਾਂ ਦੇ ਨਿਬੇੜੇ ਲਈ ਫੀਲਡ ਦੇ ਦੌਰੇ ਵਧਾਉਣ ਲਈ ਕਿਹਾ ਹੈ।



ਮੁੱਖ ਮੰਤਰੀ ਨੇ ਕਿਹਾ, "ਵਿਧਾਇਕਾਂ ਨੂੰ ਕਿਸਾਨਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਸ਼ਿਕਾਇਤਾਂ ਸੁਣਨੀਆਂ ਚਾਹੀਦੀਆਂ ਹਨ। ਇਸੇ ਤਰ੍ਹਾਂ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਵਿਸ਼ੇਸ਼ ਗਿਰਦਾਵਰੀ ਜਲਦੀ ਮੁਕੰਮਲ ਕੀਤੀ ਜਾਵੇ ਤਾਂ ਜੋ ਅਸੀਂ ਵਿਸਾਖੀ ਤੋਂ ਪਹਿਲਾਂ ਮੁਆਵਜ਼ੇ ਦੀ ਅਦਾਇਗੀ ਕਰ ਸਕੀਏ।"

ਲਗਾਤਾਰ ਮੀਂਹ ਅਤੇ ਗੜ੍ਹੇਮਾਰੀ ਕਾਰਨ ਫ਼ਸਲਾਂ ਦਾ ਨੁਕਸਾਨ ਝੱਲਣ ਵਾਲੇ ਕਿਸਾਨਾਂ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਇਸ ਔਖੀ ਘੜੀ ਵਿੱਚ ਅੰਨਦਾਤਾ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਇਕ-ਇਕ ਪੈਸੇ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ ਅਤੇ ਇਸ ਨੇਕ ਕਾਰਜ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਭਗਵੰਤ ਮਾਨ ਨੇ ਕਿਹਾ ਕਿ ਉਹ ਖ਼ਰਾਬ ਮੌਸਮ ਕਾਰਨ ਹੋਏ ਭਾਰੀ ਨੁਕਸਾਨ ਕਾਰਨ ਕਿਸਾਨ ਭਾਈਚਾਰੇ ਨੂੰ ਦਰਪੇਸ਼ ਮੁਸ਼ਕਲਾਂ ਤੋਂ ਚੰਗੀ ਤਰ੍ਹਾਂ ਜਾਣੂੰ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਨਿੱਜੀ ਤੌਰ 'ਤੇ ਇਸ ਸਾਰੀ ਮੁਹਿੰਮ ਦੀ ਰੋਜ਼ਾਨਾ ਆਧਾਰ 'ਤੇ ਨਿਗਰਾਨੀ ਕਰ ਰਹੇ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪ੍ਰਭਾਵਿਤ ਕਿਸਾਨਾਂ ਨੂੰ ਪਾਰਦਰਸ਼ੀ ਢੰਗ ਅਤੇ ਤੇਜ਼ੀ ਨਾਲ ਮੁਆਵਜ਼ਾ ਦਿੱਤਾ ਜਾਵੇ। ਭਗਵੰਤ ਮਾਨ ਨੇ ਕਿਹਾ ਕਿ ਕਿਉਂਕਿ ਉਹ ਇਕ ਸਾਂਝੇ ਪਰਿਵਾਰ ਨਾਲ ਸਬੰਧ ਰੱਖਦੇ ਹਨ, ਇਸ ਲਈ ਉਹ ਨਿੱਜੀ ਤੌਰ 'ਤੇ ਕਿਸਾਨਾਂ ਦੇ ਦੁੱਖ-ਦਰਦ ਤੋਂ ਜਾਣੂੰ ਹਨ ਅਤੇ ਉਨ੍ਹਾਂ ਨੂੰ ਬਣਦਾ ਮੁਆਵਜ਼ਾ ਦੇਣਾ ਸੂਬਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਸਪੱਸ਼ਟ ਕਿਹਾ ਕਿ ਗਿਰਦਾਵਰੀ ਦੌਰਾਨ ਸਰਕਾਰੀ ਤੰਤਰ ਦੀ ਕਿਸੇ ਵੀ ਪੱਧਰ 'ਤੇ ਕਿਸੇ ਵੀ ਤਰ੍ਹਾਂ ਦੀ ਢਿੱਲ ਜਾਂ ਕੁਤਾਹੀ ਬਰਦਾਸ਼ਤ ਨਹੀਂ ਕੀਤਾ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਡੂੰਘੇ ਸੰਕਟ ਦੀ ਇਸ ਘੜੀ ਵਿੱਚ ਪੂਰੀ ਤਰ੍ਹਾਂ ਪੀੜਤ ਕਿਸਾਨੀ ਦੇ ਨਾਲ ਹੈ। ਉਨ੍ਹਾਂ ਕਿਹਾ ਕਿ ਗਿਰਦਾਵਰੀ ਤੋਂ ਪਹਿਲਾਂ ਸਾਰੀ ਪ੍ਰਕਿਰਿਆ ਬਾਰੇ ਜਨਤਕ ਮੁਨਾਦੀ ਕੀਤੀ ਜਾ ਰਹੀ ਹੈ ਤਾਂ ਜੋ ਸਾਰੇ ਲੋਕਾਂ ਨੂੰ ਇਸ ਬਾਰੇ ਜਾਗਰੂਕ ਕੀਤਾ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਮੁਸ਼ਕਲ ਦੀ ਇਸ ਘੜੀ ਵਿੱਚ ਕਿਸਾਨਾਂ ਦਾ ਸਾਥ ਦੇਣ ਲਈ ਪ੍ਰਤੀ ਏਕੜ ਮੁਆਵਜ਼ੇ ਵਿੱਚ 25 ਫੀਸਦੀ ਵਾਧਾ ਕੀਤਾ ਗਿਆ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਇਕ ਵੱਡੀ ਕਿਸਾਨ ਪੱਖੀ ਪਹਿਲਕਦਮੀ ਵਿੱਚ ਸੂਬਾ ਸਰਕਾਰ ਨੇ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ ਤੋਂ ਕਿਸਾਨਾਂ ਵੱਲੋਂ ਲਏ ਕਰਜ਼ਿਆਂ ਦੀ ਮੁੜ ਅਦਾਇਗੀ ਰੋਕਣ ਦਾ ਫੈਸਲਾ ਕੀਤਾ ਹੈ। ਭਗਵੰਤ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਇਸ ਨਾਲ ਕਿਸਾਨਾਂ ਨੂੰ ਇਸ ਸੰਕਟ ਦੀ ਘੜੀ ਵਿੱਚ ਲੋੜੀਂਦੀ ਰਾਹਤ ਮਿਲੇਗੀ ਅਤੇ ਕਿਸਾਨ ਨੁਕਸਾਨ ਤੋਂ ਬਾਅਦ ਇਹ ਰਕਮ ਵਾਪਸ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਸੂਬੇ ਦੇ ਕਿਸਾਨਾਂ ਨੂੰ ਹੋਏ ਨੁਕਸਾਨ ਦਾ ਪੂਰਾ ਮੁਆਵਜ਼ਾ ਦੇਵੇਗੀ।

## ਪ੍ਰਧਾਨ ਮੰਤਰੀ ਮੋਦੀ ਨੇ ਕਿਹਾ: 'ਮਨ ਕੀ ਬਾਤ' ਦੇ ਪੂਰੇ ਹੋਣ ਜਾ ਰਹੇ ਹਨ ਹਨ 100 ਐਪੀਸੋਡ, 100ਵਾਂ ਐਪੀਸੋਡ 30 ਅਪ੍ਰੈਲ ਨੂੰ ਹੋਵੇਗਾ ਪ੍ਰਸਾਰਿਤ

* ਕਿਹਾ, ਜ਼ਮੀਨੀ ਪੱਧਰ 'ਤੇ ਬਦਲਾਅ ਲਿਆਉਣ ਵਾਲਿਆਂ 'ਤੇ ਕੇਂਦਰਿਤ ਹੈ 'ਮਨ ਕੀ ਬਾਤ'

ਨਵੀਂ ਦਿੱਲੀ, 2 ਅਪ੍ਰੈਲ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਮਨ ਕੀ ਬਾਤ ਪ੍ਰੋਗਰਾਮ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦੀ ਸਭ ਤੋਂ ਵੱਡੀ ਖੂਬੀ ਇਹ ਹੈ ਕਿ ਇਹ ਜ਼ਮੀਨੀ ਪੱਧਰ 'ਤੇ ਬਦਲਾਅ ਕਰਨ ਵਾਲਿਆਂ 'ਤੇ ਧਿਆਨ ਕੇਂਦ੍ਰਿਤ ਅਤੇ ਉਤਸ਼ਾਹਿਤ ਕਰਦਾ ਹੈ। ਦੱਸ ਦੇਈਏ ਕਿ ਮਨ ਕੀ ਬਾਤ ਪ੍ਰੋਗਰਾਮ ਦੇ 100 ਐਪੀਸੋਡ ਪੂਰੇ ਹੋ ਰਹੇ ਹਨ।

ਇਸ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਇੱਕ ਟੀਵੀ ਚੈਨਲ ਵੱਲੋਂ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ। ਮੀਤ ਪ੍ਰਧਾਨ ਜਗਦੀਪ ਧਨਖੜ ਦੇ ਟਵੀਟ ਨੂੰ ਰੀਟਵੀਟ ਕਰਦੇ ਹੋਏ ਪ੍ਰਧਾਨ ਮੰਤਰੀ ਮੋਦੀ ਨੇ ਮਨ ਕੀ ਬਾਤ ਪ੍ਰੋਗਰਾਮ ਨਾਲ ਜੁੜੀ ਜਾਣਕਾਰੀ ਸਾਂਝੀ ਕੀਤੀ।

ਪ੍ਰਧਾਨ ਮੰਤਰੀ ਮੋਦੀ ਨੇ ਟਵੀਟ ਕੀਤਾ, "ਮਨ ਕੀ ਬਾਤ ਦੀ ਸਭ ਤੋਂ ਸ਼ਾਨਦਾਰ ਵਿਸ਼ੇਸ਼ਤਾ ਇਹ ਹੈ ਕਿ ਇਹ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਬਦਲਾਅ ਲਿਆਉਣ ਲਈ ਉਤਸ਼ਾਹਿਤ ਕਰਦੀ ਹੈ।"

ਉਪ ਰਾਸ਼ਟਰਪਤੀ ਧਨਖੜ ਨੇ ਪ੍ਰਧਾਨ ਮੰਤਰੀ ਮੋਦੀ 'ਤੇ ਆਧਾਰਿਤ ਕਿਤਾਬ 'ਵਾਇਸ ਆਫ ਇੰਡੀਆ: ਮੋਦੀ ਐਂਡ ਹਿਜ਼ ਟ੍ਰਾਂਸਫਾਰਮੇਟਿਵ ਮਨ ਕੀ ਬਾਤ' ਦਾ ਉਦਘਾਟਨ ਕੀਤਾ।




ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਨੇ 'ਮਨ ਕੀ ਬਾਤ' ਪ੍ਰੋਗਰਾਮ 'ਚ ਅੰਗਦਾਨ ਕਰਨ ਵਾਲਿਆਂ ਨੂੰ ਪ੍ਰੇਰਿਤ ਕੀਤਾ ਸੀ। ਉਨ੍ਹਾਂ ਕਿਹਾ ਸੀ ਕਿ ਅੰਗ ਦਾਨ ਅੱਜ ਕਿਸੇ ਨੂੰ ਜੀਵਨ ਦੇਣ ਦਾ ਮੁੱਖ ਸਾਧਨ ਬਣ ਗਿਆ ਹੈ। ਮੌਤ ਤੋਂ ਬਾਅਦ ਸਰੀਰ ਦਾਨ ਰਾਹੀਂ 8 ਤੋਂ 9 ਲੋਕਾਂ ਨੂੰ ਨਵਾਂ ਜੀਵਨ ਮਿਲਣ ਦੀ ਸੰਭਾਵਨਾ ਹੈ।

ਪ੍ਰਧਾਨ ਮੰਤਰੀ ਮੋਦੀ ਦੇ ਰੇਡੀਓ ਪ੍ਰੋਗਰਾਮ ਮਨ ਕੀ ਬਾਤ ਦਾ 100ਵਾਂ ਐਪੀਸੋਡ 30 ਅਪ੍ਰੈਲ ਨੂੰ ਪ੍ਰਸਾਰਿਤ ਕੀਤਾ ਜਾਵੇਗਾ। ਉਨ੍ਹਾਂ ਨੇ ਆਪਣੇ 99ਵੇਂ ਐਪੀਸੋਡ ਵਿੱਚ ਨਾਰੀ ਸ਼ਕਤੀ ਦਾ ਜ਼ਕਿਰ ਕੀਤਾ। ਉਨ੍ਹਾਂ ਕਿਹਾ ਸੀ ਕਿ ਭਾਰਤ ਦੀ ਮਹਿਲਾ ਸ਼ਕਤੀ ਸਾਰੇ ਖੇਤਰਾਂ ਵਿੱਚ ਮੋਹਰੀ ਭੂਮਿਕਾ ਨਿਭਾ ਰਹੀ ਹੈ। ਉਨ੍ਹਾਂ ਕਿਹਾ ਸੀ ਕਿ ਭਾਰਤ ਦੇ ਭਵਿੱਖ ਵਿੱਚ ਮਹਿਲਾ ਸ਼ਕਤੀ ਦੀ ਅਹਿਮ ਭੂਮਿਕਾ ਹੈ, ਜੋ ਅੱਜ ਇੱਕ ਨਵੇਂ ਦ੍ਰਿਸ਼ਟੀਕੋਣ ਨਾਲ ਉਭਰ ਰਿਹਾ ਹੈ।

## ਭਾਰਤੀ ਮੂਲ ਦੇ ਅਜੈ ਬੰਗਾ ਵਿਸ਼ਵ ਬੈਂਕ ਦੇ ਮੁਖੀ ਚੁਣੇ ਗਏ

ਵਾਸ਼ਿਗਟਨ, 2 ਅਪ੍ਰੈਲ (ਪੋਸਟ ਬਿਊਰੋ): ਭਾਰਤੀ ਮੂਲ ਦੇ ਅਜੈ ਪਾਲ ਸਿੰਘ ਬੰਗਾ ਦਾ ਵਿਸ਼ਵ ਬੈਂਕ ਦਾ ਬਿਨਾਂ ਮੁਕਾਬਲਾ ਪ੍ਰਧਾਨ ਬਣਨਾ ਲਗਭਗ ਤੈਅ ਹੈ। ਨਾਮਜ਼ਦਗੀਆਂ ਬੁੱਧਵਾਰ ਨੂੰ ਖਤਮ ਹੋ ਗਈਆਂ ਹਨ । ਕਿਸੇ ਹੋਰ ਦੇਸ਼ ਨੇ ਜਨਤਕ ਤੌਰ 'ਤੇ ਵਿਕਲਪਕ ਉਮੀਦਵਾਰ ਦਾ ਪ੍ਰਸਤਾਵ ਨਹੀਂ ਦਿੱਤਾ ਹੈ। ਮਤਲਬ ਬੰਗਾ ਦੇ ਮੁਕਾਬਲੇ ਕੋਈ ਹੋਰ ਉਮੀਦਵਾਰ ਨਹੀਂ ਹੈ। ਵਿਸ਼ਵ ਬੈਂਕ ਨੇ ਵੀ ਇਸ ਦੀ ਪੁਸ਼ਟੀ ਕੀਤੀ ਹੈ।

ਬਲੂਮਬਰਗ ਨਿਊਜ਼ ਦੇ ਅਨੁਸਾਰ, 2019 ਵਿੱਚ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮਲਪਾਸ ਨੂੰ ਨਾਮਜ਼ਦ ਕੀਤਾ ਸੀ। ਮਲਪਾਸ ਦੀ ਚੋਣ ਵੀ ਬਿਨਾਂ ਮੁਕਾਬਲਾ ਹੋਈ ਸੀ। ਇਸ ਅਹੁਦੇ ਲਈ ਹਮੇਸ਼ਾ ਅਮਰੀਕੀ ਉਮੀਦਵਾਰ ਨੂੰ ਚੁਣਿਆ ਗਿਆ ਹੈ। ਅਮਰੀਕਾ ਨੂੰ ਛੱਡ ਕੇ ਕਿਸੇ ਵੀ ਦੇਸ਼ ਨੇ ਉਮੀਦਵਾਰਾਂ ਦਾ ਐਲਾਨ ਨਹੀਂ ਕੀਤਾ ਹੈ। ਵਿਸ਼ਵ ਬੈਂਕ ਦੇ ਨਿਯਮ ਮੈਂਬਰ ਦੇਸ਼ਾਂ ਨੂੰ ਇੱਕ ਸਮੇਂ ਦੀ ਮਿਆਦ ਦੇ ਦੌਰਾਨ ਨਾਮ ਦਰਜ ਕਰਵਾਉਣ ਦੀ ਇਜਾਜ਼ਤ ਦਿੰਦੇ ਹਨ, ਜਿਸਦੀ ਮਿਆਦ ਬੁੱਧਵਾਰ ਦੁਪਹਿਰ ਨੂੰ ਖਤਮ ਹੋ ਗਈ ਸੀ। ਅਜਿਹੇ 'ਚ ਅਜੈ ਬੰਗਾ ਦੇ ਸਾਹਮਣੇ ਕੋਈ ਖੜ੍ਹਾ ਨਜ਼ਰ ਨਹੀਂ ਆ ਰਿਹਾ। ਨਾਮਜ਼ਦਗੀਆਂ ਫਰਵਰੀ ਦੇ ਅਖੀਰ ਵਿੱਚ ਸ਼ੁਰੂ ਹੋਈਆਂ ਸਨ।



ਮਾਸਟਰਕਾਰਡ ਇੰਕ. ਦੇ ਸਾਬਕਾ ਸੀਈਓ ਨੂੰ ਪਿਛਲੇ ਮਹੀਨੇ ਰਾਸ਼ਟਰਪਤੀ ਜੋ ਬਿਡੇਨ ਤੋਂ ਸਮਰਥਨ ਪ੍ਰਾਪਤ ਹੋਇਆ ਸੀ ਜਦੋਂ ਮੌਜੂਦਾ ਚੇਅਰਮੈਨ ਡੇਵਿਡ ਮਲਪਾਸ ਨੇ ਲਗਭਗ ਇੱਕ ਸਾਲ ਪਹਿਲਾਂ ਅਹੁਦਾ ਛੱਡਣ ਦੀ ਯੋਜਨਾ ਦਾ ਐਲਾਨ ਕੀਤਾ ਸੀ। ਭਾਰਤ ਨੇ ਵਿਸ਼ਵ ਬੈਂਕ ਦੇ ਪ੍ਰਧਾਨ ਦੇ ਅਹੁਦੇ ਲਈ ਅਜੈ ਬੰਗਾ ( ) ਦੀ ਉਮੀਦਵਾਰੀ ਦਾ ਸਮਰਥਨ ਕੀਤਾ ਹੈ।

ਅਜੈ ਬੰਗਾ ਦਾ ਜਨਮ 10 ਨਵੰਬਰ 1959 ਵਿੱਚ ਖਡਕੀ, ਪੂਨੇ ਵਿੱਚ ਹੋਇਆ ਸੀ, ਜਿਥੇ ਉਸ ਦੇ ਪਿਤਾ ਫੌਜ ਵਿੱਚ ਤਾਇਨਾਤ ਸਨ। ਅਜੈ ਬੰਗਾ ਦਾ ਪਰਿਵਾਰ ਮੂਲ ਰੂਪ ਵਿੱਚ ਜਲੰਧਰ ਦਾ ਰਹਿਣ ਵਾਲਾ ਹੈ। ਉਨ੍ਹਾਂ ਦੇ ਪਿਤਾ ਸ.ਹਰਭਜਨ ਸਿੰਘ ਬੰਗਾ ਆਰਮੀ ਤੋਂ ਬਤੌਰ ਲੈਫਟੀਨੈਂਟ ਜਨਰਲ ਰਿਟਾਇਰ ਹੋਏ ਹਨ।ਉਸ ਦਾ ਵੱਡਾ ਭਰਾ ਐਮ.ਐਸ.ਬੰਗਾ ਵੀ ਇੱਕ ਸੀ.ਈ.ਉ.ਹਨ ।

ਆਰਮੀ ਵਿੱਚ ਹੋਣ ਕਾਰਨ ਉਸ ਦੇ ਪਿਤਾ ਦੀ ਬਦਲੀ ਜਗ੍ਹਾ-ਜਗ੍ਹਾ ਹੁੰਦੀ ਰਹਿੰਦੀ ਸੀ।ਇਸ ਲਈ ਉਸ ਦੀ ਸਕੂਲੀ ਪੜ੍ਹਾਈ ਵੀ ਵੱਖ ਵੱਖ ਸਕੂਲਾਂ,ਜਿਵੇਂ ਸਿਕੰਦਰਾ-ਬਾਦ,ਜਲੰਧਰ,ਦਿੱਲੀ,ਹੈਦਰਾਬਾਦ ਅਤੇ ਸ਼ਿਮਲਾ ਵਿੱਚ ਹੋਈ।

ਅਜੈ ਬੰਗਾ ਨੇ ਆਪਣਾ ਸਫਰ ਨੈਸਲੇ ਕੰਪਨੀ ਤੋਂ ਸ਼ੁਰੂ ਕੀਤਾ।13 ਸਾਲ ਤੱਕ ਉਨ੍ਹਾਂ ਨੇ ਵਿਕਰੀ, ਮਾਰਕੀਟਿੰਗ ਅਤੇ ਪ੍ਰਬੰਧਨ ਵਿੱਚ ਨਿਪੁੰਨਤਾ ਨਾਲ ਜ਼ਿੰਮੇਵਾਰੀ ਸੰਭਾਲੀ।ਇਸ ਤੋਂ ਬਾਅਦ ਅਜੈ ਬੰਗਾ ਨੇ ਪੈਪਸੀ ਕੰਪਨੀ ਵਿੱਚ ਨੌਕਰੀ ਕੀਤੀ। ਜਦੋਂ ਭਾਰਤ ਦੀ ਅਰਥ ਵਿਵਸਥਾ ਵਿੱਚ ਉਦਾਰਤਾ ਆਉਣੀ ਸ਼ੁਰੂ ਹੋਈ ਤਾਂ ਇਸ ਦੇ ਵਪਾਰ ਨੂੰ ਭਾਰਤ ਵਿੱਚ ਫੈਲਾਉਣ ਵਿੱਚ ਮੁੱਖ ਯੋਗਦਾਨ ਪਾਇਆ।

ਇਸ ਤੋਂ ਬਾਅਦ ਅਜੈ ਬੰਗਾਨੇ 1996 ਤੋਂ ਲੈ ਕੇ 2009 ਤੱਕ ਸਿਟੀ ਗਰੁੱਪ ਵਿੱਚ ਨੌਕਰੀ ਕੀਤੀ।ਉਨ੍ਹਾਂ ਨੇ ਸਿਟੀ ਗਰੁੱਪ ਦਾ ਕਾਰੋਬਾਰ ਅਮਰੀਕਾ,ਯੂਰਪ, ਅਰਬ ਦੇਸ਼ਾਂ 'ਤੇ ਅਫਰੀਕਾ ਵਿੱਚ ਫੈਲਾਉਣ ਵਿੱਚ ਭਾਰੀ ਯੋਗਦਾਨ ਪਾਇਆ।ਸਿਟੀ ਗਰੁੱਪ ਨੂੰ ਛੱਡਣ ਤੋਂ ਪਹਿਲਾਂ ਉਹ ਇਸ ਕੰਪਨੀ ਦਾ ਏਸ਼ੀਆ ਪੈਸੀਫਿਕ ਦਾ ਸੀ.ਈ.ਉ.ਸੀ 'ਤੇ ਕੰਪਨੀ ਦੇ ਬੈਂਕਿੰਗ,ਇਨਵੈਸਟਮੈਂਟ ਅਤੇ ਕਰੈਡਿਟ ਕਾਰਡ ਆਦਿ ਦੇ ਵਿਸਥਾਰ ਲਈ ਜ਼ਿੰਮੇਵਾਰ ਸੀ।ਉਹ ਸਿਟੀ ਗਰੁੱਪ ਦੀ ਸੀਨੀਅਰ ਮੈਨੇਜਮੈਂਟ ਅਤੇ ਐਗਜੈਕਟਿਵ ਕਮੇਟੀਆਂ ਦਾ ਮੈਂਬਰ ਸੀ।

ਅਜੈ ਉਸ ਭਾਰਤੀ-ਅਮਰੀਕੀ ਪੀੜ੍ਹੀ ਨਾਲ ਸਬੰਧਤ ਹਨ, ਜਿਨ੍ਹਾਂ ਨੇ ਭਾਰਤ ਵਿੱਚ ਪੜ੍ਹ ਕੇ ਅਮਰੀਕਾ ਵਿੱਚ ਆਪਣੀ ਕਾਬਲੀਅਤ ਦਾ ਸਬੂਤ ਦਿੱਤਾ ਹੈ।

## ਆਈਆਈਟੀ ਮਦਰਾਸ ਵਿਚ ਪੀਐਚਡੀ ਦੇ ਵਿਦਿਆਰਥੀ ਨੇ ਕੀਤੀ ਖੁਦਕੁਸ਼ੀ



ਵੇਲਾਚੇਰੀ, 2 ਅਪ੍ਰੈਲ (ਪੋਸਟ ਬਿਊਰੋ): ਇੰਡੀਅਨ ਇੰਸਟੀਚਿਊਟ ਆਫ ਟੈਕਨਾਲੋਜੀ ਮਦਰਾਸ ਵਿਚ ਪੀਐਚਡੀ ਦੇ ਵਿਦਿਆਰਥੀ ਵੱਲੋਂ ਖੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਿਸ ਨੇ ਦੱਸਿਆ ਕਿ ਆਈਆਈਟੀ ਮਦਰਾਸ ਦੇ ਇਕ ਵਿਦਿਆਰਥੀ ਨੇ ਤਾਮਿਲਨਾਡੂ ਦੇ ਵੇਲਾਚੇਰੀ ਵਿੱਚ ਆਪਣੇ ਕਮਰੇ ਵਿੱਚ ਖੁਦਕੁਸ਼ੀ ਕਰ ਲਈ ਹੈ। ਮ੍ਰਿਤਕ ਵਿਦਿਆਰਥੀ ਪੱਛਮੀ ਬੰਗਾਲ ਦਾ ਰਹਿਣ ਵਾਲਾ ਸੀ ਤੇ ਉਸ ਦੀ ਉਮਰ 32 ਸਾਲ ਸੀ। ਮਦਰਾਸ 'ਚ ਇਸ ਸਾਲ ਖੁਦਕੁਸ਼ੀ ਦੀ ਇਹ ਤੀਜੀ ਘਟਨਾ ਹੈ ਜਦਕਿ 2018 ਤੋਂ ਬਾਅਦ ਇਹ ਖੁਦਕੁਸ਼ੀ ਦਾ 11ਵਾਂ ਮਾਮਲਾ ਹੈ।

ਪੁਲਿਸ ਨੇ ਦੱਸਿਆ ਕਿ 31 ਮਾਰਚ ਨੂੰ ਮ੍ਰਿਤਕ ਵਿਦਿਆਰਥੀ ਨੇ ਖੁਦਕੁਸ਼ੀ ਤੋਂ ਪਹਿਲਾਂ ਆਪਣੇ ਵ੍ਹਸਟਐਪ 'ਤੇ ਇਕ ਸਟੇਟਸ ਪੋਸਟ ਕੀਤਾ ਸੀ ਜਿਸ 'ਚ ਉਸ ਨੇ ਲਿਖਿਆ ਕਿ 'ਮੈਨੂੰ ਮੁਆਫ ਕਰਨਾ...'। ਹਾਲਾਂਕਿ ਜਿਵੇਂ ਹੀ ਉਸ ਦੇ ਦੋਸਤਾਂ ਨੇ ਇਹ ਸਟੇਟਸ ਦੇਖਿਆ ਤਾਂ ਉਹ ਤੁਰੰਤ ਉਸ ਦੇ ਕਮਰੇ 'ਚ ਪਹੁੰਚੇ, ਜਿੱਥੇ ਉਨ੍ਹਾਂ ਨੂੰ ਸਚਿਨ ਦੀ ਲਾਸ਼ ਕਮਰੇ 'ਚ ਲਟਕਦੀ ਮਿਲੀ। ਇਸ ਤੋਂ ਬਾਅਦ ਸਚਿਨ ਨੂੰ ਐਂਬੂਲੈਂਸ ਦੀ ਮਦਦ ਨਾਲ ਹਸਪਤਾਲ ਲਿਜਾਇਆ ਗਿਆ ਪਰ ਉਦੋਂ ਤਕ ਕਾਫੀ ਦੇਰ ਹੋ ਚੁੱਕੀ ਸੀ ਤੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਫਿਲਹਾਲ ਪੁਲਿਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਰਾਏਆਪੇਟ ਦੇ ਸਰਕਾਰੀ ਹਸਪਤਾਲ ਭੇਜ ਦਿੱਤਾ ਹੈ।

ਇਸ ਦੇ ਨਾਲ ਹੀ ਆਈ.ਆਈ.ਟੀ. ਮਦਰਾਸ ਨੇ ਵਿਦਿਆਰਥੀ ਦੀ ਮੌਤ 'ਤੇ ਸੋਗ ਪ੍ਰਗਟ ਕਰਦੇ ਹੋਏ ਬਿਆਨ ਜਾਰੀ ਕੀਤਾ ਹੈ। ਉਨ੍ਹਾਂ ਦੱਸਿਆ ਕਿ 31 ਮਾਰਚ, 2023 ਦੀ ਦੁਪਹਿਰ ਨੂੰ ਮਕੈਨੀਕਲ ਇੰਜਨੀਅਰਿੰਗ ਵਿਭਾਗ ਦੇ ਪੀਐਚਡੀ ਖੋਜ ਸਕਾਲਰ ਦੇ ਵੇਲਾਚੇਰੀ ਸਥਿਤ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਬੇਵਕਤੀ ਦੇਹਾਂਤ ਨਾਲ ਸਾਨੂੰ ਬਹੁਤ ਦੁੱਖ ਹੋਇਆ ਹੈ। ਆਈਆਈਟੀ ਨੇ ਕਿਹਾ ਕਿ ਵਿਦਿਆਰਥੀ ਦੀ ਮੌਤ ਸਾਡੇ ਲਈ ਵੱਡਾ ਘਾਟਾ ਹੈ। ਸੰਸਥਾ ਇਸ ਦੁੱਖ ਦੀ ਘੜੀ ਵਿੱਚ ਮ੍ਰਿਤਕ ਵਿਦਿਆਰਥੀ ਦੇ ਦੋਸਤਾਂ ਅਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦੀ ਹੈ।

## ਪਾਕਿਸਤਾਨ ਵਿਚ ਵਧੀ ਮਹਿੰਗਾਈ ਨੇ ਤੋੜਿਆ 58 ਸਾਲਾਂ ਦਾ ਰਿਕਾਰਡ

ਇਸਲਾਮਾਬਾਦ, 2 ਅਪ੍ਰੈਲ (ਪੋਸਟ ਬਿਊਰੋ): ਪਾਕਿਸਤਾਨ ਸਰਕਾਰ ਨੇ ਉੱਥੇ ਮਹਿੰਗਾਈ ਨੂੰ ਲੈ ਕੇ ਸ਼ਨੀਵਾਰ ਨੂੰ ਹੈਰਾਨ ਕਰਨ ਵਾਲੇ ਅੰਕੜੇ ਜਾਰੀ ਕੀਤੇ ਹਨ। ਅੰਕੜਾ ਵਿਭਾਗ ਨੇ ਦੱਸਿਆ ਹੈ ਕਿ ਮਾਰਚ 2022 ਤੋਂ ਮਾਰਚ 2023 ਤੱਕ ਪਾਕਿਸਤਾਨ ਵਿੱਚ ਮਹਿੰਗਾਈ 35.37% ਵਧੀ ਹੈ। ਜੋ ਕਿ 1965 ਤੋਂ ਬਾਅਦ ਸਭ ਤੋਂ ਉੱਚੇ ਪੱਧਰ 'ਤੇ ਹੈ।

ਇਸ ਦੇ ਨਾਲ ਹੀ ਵਿੱਤੀ ਸੰਕਟ ਦਾ ਸਾਹਮਣਾ ਕਰ ਰਹੇ ਚੀਨ ਨੇ ਪਾਕਿ-ਸਤਾਨ ਨੂੰ 16,000 ਕਰੋੜ ਰੁਪਏ ਦਾ ਕਰਜ਼ਾ ਮੋੜਨ ਲਈ ਦਿੱਤਾ ਸਮਾਂ ਵਧਾ ਦਿੱਤਾ ਹੈ। ਇਹ ਜਾਣਕਾਰੀ ਖੁਦ ਪਾਕਿਸਤਾਨ ਦੇ ਵਿੱਤ ਮੰਤਰੀ ਇਸਹਾਕ ਡਾਰ ਨੇ ਦਿੱਤੀ ਹੈ।



ਪਾਕਿਸਤਾਨ 'ਚ ਪਿਛਲੇ ਇਕ ਸਾਲ 'ਚ ਮਹਿੰਗਾਈ ਦਾ ਸਭ ਤੋਂ ਜ਼ਿਆਦਾ ਅਸਰ ਭੋਜਨ, ਟਰਾਂਸਪੋਰਟ ਅਤੇ ਸ਼ਰਾਬ 'ਤੇ ਪਿਆ ਹੈ। ਸਰਕਾਰੀ ਅੰਕੜਿਆਂ ਅਨੁਸਾਰ ਪਿਛਲੇ ਇੱਕ ਸਾਲ ਵਿੱਚ ਖਾਣ-ਪੀਣ ਵਾਲੀਆਂ ਵਸਤਾਂ ਦੀਆਂ ਕੀਮਤਾਂ ਵਿੱਚ 47.2% ਦਾ ਵਾਧਾ ਹੋਇਆ ਹੈ।

ਇਸ ਦੇ ਨਾਲ ਹੀ ਟਰਾਂਸਪੋਰਟ 54.9% ਮਹਿੰਗਾ ਹੋ ਗਿਆ ਹੈ, ਸ਼ਰਾਬ ਦੀਆਂ ਕੀਮਤਾਂ ਵਿੱਚ ਵੀ 50% ਦਾ ਵਾਧਾ ਦਰਜ ਕੀਤਾ ਗਿਆ ਹੈ। ਪਾਕਿਸਤਾਨ ਵਿੱਚ ਮਹਿੰਗਾਈ ਸ਼ਹਿਰਾਂ ਨਾਲੋਂ ਪਿੰਡਾਂ ਵਿੱਚ ਤੇਜ਼ੀ ਨਾਲ ਵਧੀ ਹੈ। ਪਿੰਡਾਂ ਵਿੱਚ ਪਿਛਲੇ ਇੱਕ ਸਾਲ ਵਿੱਚ ਮਹਿੰਗਾਈ 38.8% ਵਧੀ ਹੈ, ਜਦੋਂ ਕਿ ਸ਼ਹਿਰਾਂ ਵਿੱਚ ਇਹ 32% ਵਧੀ ਹੈ। ਰਿਪੋਰਟਾਂ ਅਨੁਸਾਰ ਪਿੰਡ ਵਿੱਚ ਖਾਣ-ਪੀਣ ਦੀਆਂ ਵਸਤਾਂ ਦੀ ਕੀਮਤ ਦੁੱਗਣੀ ਹੋ ਗਈ ਹੈ।

## ਅਮਰੀਕਾ ਵਿਚ ਤੂਫ਼ਾਨ ਕਾਰਣ ਤਬਾਹੀ, ਹੁਣ ਤਕ 21 ਮੌਤਾਂ

ਵਾਸ਼ਿੰਗਟਨ, 2 ਅਪ੍ਰੈਲ (ਪੋਸਟ ਬਿਊਰੋ): ਅਮਰੀਕਾ ਦੇ ਦੱਖਣੀ ਅਤੇ ਮੱਧ-ਪੱਛਮੀ ਹਿੱਸਿਆਂ ਵਿਚ ਸ਼ੁੱਕਰਵਾਰ ਨੂੰ ਉੱਠੇ ਤੂਫ਼ਾਨ ਨੇ ਭਾਰੀ ਤਬਾਹੀ ਮਚਾਈ ਹੈ। ਅਰਕੰਸਾਸ ਵਿਚ ਕਈ ਘਰਾਂ ਤੇ ਸ਼ਾਪਿੰਗ ਸੈਂਟਰਾਂ ਨੂੰ ਨੁਕਸਾਨ ਪਹੁੰ-ਚਿਆ ਤੇ ਇਲੀਨੋਇਸ ਵਿਚ ਇਕ ਸੰਗੀਤ ਸਮਾਰੋਹ ਦੌਰਾਨ ਇਕ ਥੀਏਟਰ ਦੀ ਛੱਤ ਡਿੱਗ ਗਈ। ਤੂਫਾਨ ਕਾਰਨ ਘੱਟੋ-ਘੱਟ 21 ਲੋਕਾਂ ਦੀ ਮੌਤ ਹੋ ਗਈ ਅਤੇ ਦਰਜਨਾਂ ਲੋਕ ਜ਼ਖਮੀ ਹੋ ਗਏ। ਇੰਡੀਆਨਾ ਵਿੱਚ ਵੀ ਭਾਰੀ ਨੁਕਸਾਨ ਦੀ ਸੂਚਨਾ ਮਿਲੀ ਹੈ।



ਉੱਤਰ-ਪੂਰਬੀ ਅਰਕੰਸਾਸ ਦੇ ਵਯਨ ਇਲਾਕੇ ਵਿਚ ਵੀ ਤਬਾਹੀ ਹੋਈ। ਅਧਿਕਾਰੀਆਂ ਨੇ ਇੱਥੇ ਦੋ ਲੋਕਾਂ ਦੀ ਮੌਤ ਦੀ ਜਾਣਕਾਰੀ ਦਿੱਤੀ ਹੈ। ਕਈ ਘਰ ਢਹਿ ਗਏ ਅਤੇ ਲੋਕ ਮਲਬੇ 'ਚ ਫਸ ਗਏ।ਅਧਿਕਾਰੀਆਂ ਨੇ ਦੱਸਿਆ ਕਿ ਸ਼ੁੱਕਰਵਾਰ ਰਾਤ ਬੇਲਵਿਡੇਰੇ, ਇਲੀਨੋਇਸ 'ਚ ਅਪੋਲੋ ਥੀਏਟਰ ਦੀ ਛੱਤ ਡਿੱਗਣ ਨਾਲ ਇਕ ਵਿਅਕਤੀ ਦੀ ਮੌਤ ਹੋ ਗਈ ਅਤੇ 28 ਹੋਰ ਜ਼ਖਮੀ ਹੋ ਗਏ। ਬੇਲਵਿਡੇਰੇ ਫਾਇਰ ਡਿਪਾਰਟਮੈਂਟ ਦੇ ਮੁਖੀ ਨੇ ਕਿਹਾ ਕਿ ਘਟਨਾ ਦੇ ਸਮੇਂ ਘਟਨਾ ਸਥਾਨ 'ਤੇ 260 ਲੋਕ ਮੌਜੂਦ ਸਨ। ਇੰਡੀਆਨਾ ਡਿਜ਼ਾਸਟਰ ਮੈਨੇਜਮੈਂਟ ਡਾਇਰੈਕਟਰ ਜਿਮ ਪਾਰਟਲੇ ਨੇ ਸ਼ਨੀਵਾਰ ਨੂੰ ਦੱਸਿਆ ਕਿ ਸੁਲੀਵਾਨ ਕਾਉਂਟੀ 'ਚ ਤਿੰਨ ਲੋਕਾਂ ਦੀ ਮੌਤ ਹੋ ਗਈ। ਤੂਫਾਨ ਨੇ ਸੁਲੀਵਾਨ 'ਚ ਘਰਾਂ ਨੂੰ ਨੁਕਸਾਨ ਪਹੁੰਚਾਇਆ ਅਤੇ ਕਈ ਲੋਕ ਲਾਪਤਾ ਹਨ। ਲਿਟਲ ਰੌਕ ਇਲਾਕੇ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ ਦੋ ਦਰਜਨ ਜ਼ਖ਼ਮੀ ਹੋ ਗਏ।




## ਭਾਰਤੀ-ਅਮਰੀਕੀ ਇੰਜੀਨੀਅਰ ਅਮਿਤ ਕਸ਼ੱਤਰੀਆ ਨੂੰ ਨਾਸਾ ਦੇ ਨਵੇਂ 'ਮੂਨ ਟੂ ਮਾਰਸ' ਪ੍ਰੋਗਰਾਮ ਦਾ ਪਹਿਲਾ ਮੁਖੀ ਨਾਮਜ਼ਦ ਕੀਤਾ

ਵਾਸ਼ਿੰਗਟਨ, 2 ਅਪ੍ਰੈਲ (ਪੋਸਟ ਬਿਊਰੋ): ਭਾਰਤੀ-ਅਮਰੀਕੀ ਸਾਫਟਵੇਅਰ ਅਤੇ ਰੋਬੋਟਿਕਸ ਇੰਜੀਨੀਅਰ ਅਮਿਤ ਕਸ਼ੱਤਰੀਆ ਨੂੰ ਨਾਸਾ ਦੇ ਨਵੇਂ 'ਮੂਨ ਟੂ ਮਾਰਸ' ਪ੍ਰੋਗਰਾਮ ਦਾ ਪਹਿਲਾ ਮੁਖੀ ਨਾਮਜ਼ਦ ਕੀਤਾ ਗਿਆ ਹੈ। ਇਹ ਪ੍ਰੋਗਰਾਮ ਅਮਰੀਕੀ ਪੁਲਾੜ ਏਜੰਸੀ ਨਾਸਾ ਦੀ ਚੰਦਰਮਾ 'ਤੇ ਲੰਮੀ ਮਿਆਦ ਦੀ ਮੌਜੂਦਗੀ ਦੀਆਂ ਤਿਆਰੀਆਂ ਨੂੰ ਯਕੀਨੀ ਬਣਾਏਗਾ ਤਾਂ ਕਿ ਮਨੁੱਖ ਨੂੰ ਪੁਲਾੜ ਵਿਗਿਆਨ ਦੀ ਨਵੀਂ ਉਪਲੱਬਧੀ ਤਹਿਤ ਲਾਲ ਗ੍ਰਹਿ (ਮੰਗਲ) ਤੱਕ ਭੇਜਿਆ ਜਾ ਸਕੇ। ਏਜੰਸੀ ਨੇ ਵੀਰਵਾਰ ਨੂੰ ਘੋਸ਼ਣਾ ਕੀਤੀ ਕਿ ਕਸ਼ੱਤਰੀਆ ਨਾਸਾ ਵੱਲੋਂ ਬਣਾਏ ਗਏ ਦਫ਼ਤਰ ਦੇ ਪਹਿਲੇ ਮੁਖੀ ਦੇ ਤੌਰ 'ਤੇ ਤੁਰੰਤ ਪ੍ਰਭਾਵ ਨਾਲ ਕੰਮ ਸ਼ੁਰੂ ਕਰਨਗੇ।




ਪਿਛਲੇ ਸਮੇਂ ਵਿੱਚ ਕਸ਼ੱਤਰੀਆ ਜਨਰਲ ਇਨਵੈਸਟੀਗੇਸ਼ਨ ਸਿਸਟਮ ਡਿਵੈਲਪਮੈਂਟ ਡਿਵੀਜ਼ਨ ਦੇ ਐਕਟਿੰਗ ਐਸੋਸੀਏਟ ਡਾਇਰੈਕਟਰ ਦੇ ਅਹੁਦੇ 'ਤੇ ਕੰਮ ਕਰ ਚੁੱਕੇ ਹਨ। ਕਸ਼ੱਤਰੀਆ ਨੇ ਸਾਲ 2003 ਵਿੱਚ ਪੁਲਾੜ ਪ੍ਰੋਗਰਾਮ ਵਿੱਚ ਆਪਣਾ ਕਰੀਅਰ ਸ਼ੁਰੂ ਕੀਤਾ ਸੀ। 2014 ਤੋਂ 2017 ਤੱਕ, ਉਹ ਸਪੇਸ ਸੈਂਟਰ ਫਲਾਈਟ ਡਾਇਰੈਕਟਰ ਦੇ ਅਹੁਦੇ 'ਤੇ ਰਹੇ। ਕਸ਼ੱਤਰੀਆ ਭਾਰਤ ਤੋਂ ਅਮਰੀਕਾ ਆਏ ਪਹਿਲੀ ਪੀੜ੍ਹੀ ਦੇ ਪ੍ਰਵਾਸੀ ਦੇ ਬੱਚੇ ਹਨ ਅਤੇ ਉਨ੍ਹਾਂ ਨੇ ਕੈਲੀਫੋਰਨੀਆ ਇੰਸਟੀਚਿਊਟ ਆਫ ਟੈਕਨਾਲੋਜੀ ਤੋਂ ਗਣਿਤ ਵਿਗਿਆਨ ਵਿੱਚ ਬੈਚਲਰ ਡਿਗਰੀ ਕੀਤੀ ਹੈ ਅਤੇ ਟੈਕਸਾਸ ਯੂਨੀਵਰਸਿਟੀ ਤੋਂ ਗਣਿਤ ਵਿੱਚ ਐਮ.ਏ. ਦੀ ਉਪਾਧੀ ਹਾਸਲ ਕੀਤੀ ਹੈ।

ਨਾਸਾ ਵੱਲੋਂ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਕਿਹਾ ਗਿਆ ਹੈ ਕਿ ਨਵੇਂ ਦਫ਼ਤਰ ਦਾ ਉਦੇਸ਼ ਚੰਦਰਮਾ ਅਤੇ ਮੰਗਲ 'ਤੇ ਮਨੁੱਖੀ ਖੋਜ ਗਤੀਵਿਧੀਆਂ ਨੂੰ ਅੰਜਾਮ ਦੇਣਾ ਹੈ ਤਾਂ ਕਿ ਪੂਰੀ ਮਨੁੱਖਤਾ ਨੂੰ ਉਸ ਦਾ ਫਾਇਦਾ ਮਿਲ ਸਕੇ। ਨੈਲਸਨ ਨੇ ਕਿਹਾ, 'ਮੂਨ ਟੂ ਮਾਰਸ' ਪ੍ਰੋਗਰਾਮ ਦਫ਼ਤਰ ਨਾਸਾ ਨੂੰ ਚੰਦਰਮਾ ਤੱਕ ਮਿਸ਼ਨ ਨੂੰ ਪੂਰਾ ਕਰਨ ਅਤੇ ਮੰਗਲ ਗ੍ਰਹਿ 'ਤੇ ਪਹਿਲੀ ਵਾਰ ਮਨੁੱਖ ਨੂੰ ਭੇਜਣ ਦੀਆਂ ਤਿਆਰੀਆਂ ਵਿਚ ਮਦਦ ਕਰੇਗਾ।" ਰੀਲੀਜ਼ ਦੇ ਅਨੁਸਾਰ ਕਸ਼ੱਤਰੀਆ ਚੰਦਰਮਾ ਅਤੇ ਮੰਗਲ ਗ੍ਰਹਿ 'ਤੇ ਮਨੁੱਖੀ ਮਿਸ਼ਨ ਦੀ ਯੋਜਨਾ ਬਣਾਉਣ ਅਤੇ ਉਨ੍ਹਾਂ ਨੂੰ ਲਾਗੂ ਕਰਨ ਲਈ ਜ਼ਿੰਮੇਵਾਰ ਹੋਣਗੇ। ਕਸ਼ੱਤਰੀਆ ਨੇ ਏਕੀਕ੍ਰਿਤ ਸਪੇਸ ਲਾਂਚ ਸਿਸਟਮ 'ਓਰੀਅਨ' ਅਤੇ "ਐਕਸਪਲੋਰੇਸ਼ਨ ਗਰਾਊਂਡ ਸਿਸਟਮ ਪ੍ਰੋਗਰਾਮ" ਦਾ ਨਿਰਦੇਸ਼ਨ ਅਤੇ ਅਗਵਾਈ ਕੀਤੀ ਹੈ।

## ਹੁਣ ਨਹੀਂ ਮਿਲੇਗੀ ਭਾਰਤ ਵਿਚ ਮਾਰੂਤੀ ਸੁਜ਼ੂਕੀ ਦੀ ਸਸਤੀ ਆਲਟੋ 800, ਭਾਰਤ ਵਿਚ ਉਤਪਾਦਨ ਕੀਤਾ ਬੰਦ

ਨਵੀਂ ਦਿੱਲੀ, 2 ਅਪ੍ਰੈਲ (ਪੋਸਟ ਬਿਊਰੋ): ਮਾਰੂਤੀ ਸੁਜ਼ੂਕੀ ਇੰਡੀਆ (ਮਾਰੂਤੀ ਸੁਜ਼ੂਕੀ ਇੰਡੀਆ) ਨੇ ਭਾਰਤੀ ਬਾਜ਼ਾਰ ਵਿੱਚ ਆਪਣੀ ਐਂਟਰੀ ਲੈਵਲ ਕਾਰ ਆਲਟੋ 800 ਨੂੰ ਬੰਦ ਕਰ ਦਿੱਤਾ ਹੈ। ਇਕ ਮੀਡੀਆ ਰਿਪੋਰਟ 'ਚ ਇਸ ਗੱਲ ਦਾ ਖੁਲਾਸਾ ਹੋਇਆ ਹੈ। ਅਪ੍ਰੈਲ 2023 ਵਿੱਚ ਪੜਾਅ 2 6 ਨਿਯਮਾਂ ਨੂੰ ਲਾਗੂ ਕਰਨ ਦੇ ਕਾਰਨ, ਅਪ੍ਰੈਲ ਮਹੀਨੇ ਦੌਰਾਨ ਕਾਰਾਂ ਦੇ ਕਈ ਮਾਡਲਾਂ ਨੂੰ ਪੜਾਅਵਾਰ ਬੰਦ ਕਰ ਦਿੱਤਾ ਜਾਵੇਗਾ। ਮਾਰੂਤੀ ਸੁਜ਼ੂਕੀ ਪਹਿਲਾਂ ਹੀ ਇਹ ਕਹਿ ਕੇ ਆਪਣੀ ਗੱਲ ਦੱਸ ਚੁੱਕੀ ਹੈ ਕਿ ਐਂਟਰੀ-ਲੈਵਲ ਹੈਚਬੈਕ ਮਾਰਕੀਟ, ਭਾਵੇਂ ਵੱਡਾ ਹੈ ਅਤੇ ਗਿਰਾਵਟ 'ਤੇ ਹੈ, ਨਵੇਂ ਨਿਯਮਾਂ ਨਾਲ ਨਕਾਰਾਤਮਕ ਤੌਰ 'ਤੇ ਪ੍ਰਭਾਵਿਤ ਹੋਵੇਗਾ।

ਐਂਟਰੀ-ਲੈਵਲ ਹੈਚਬੈਕ ਮਾਰਕੀਟ ਵਿੱਚ ਘੱਟ ਵਿਕਰੀ ਵਾਲੀਅਮ ਦੇ ਕਾਰਨ, 1 ਅਪ੍ਰੈਲ ਤੋਂ ਲਾਗੂ ਹੋਏ 6 ਪੜਾਅ 2 ਦੇ ਨਿਯਮਾਂ ਨੂੰ ਪੂਰਾ ਕਰਨ ਲਈ ਆਲਟੋ 800 ਨੂੰ ਸੋਧਣਾ ਆਰਥਿਕ ਤੌਰ 'ਤੇ ਵਿਵਹ-ਾਰਕ ਨਹੀਂ ਸੀ। 16 ਵਿੱਚ, ਐਂਟਰੀ-ਪੱਧਰ ਦੀ ਹੈਚਬੈਕ ਕਲਾਸ ਦੀ ਮਾਰਕੀਟ ਹਿੱਸੇਦਾਰੀ ਲਗਭਗ 15 ਪ੍ਰਤੀਸ਼ਤ ਸੀ ਅਤੇ 4,50,000 ਤੋਂ ਵੱਧ ਵਾਹਨ ਵੇਚੇ ਗਏ ਸਨ। 23 ਵਿੱਚ ਲਗਭਗ 2,50,000 ਯੂਨਿਟਾਂ ਦੀ ਅਨੁਮਾਨਿਤ ਵਿਕਰੀ ਦੇ ਨਾਲ, ਮਾਰਜਿਨ 7 ਪ੍ਰਤੀਸ਼ਤ ਤੋਂ ਘੱਟ ਹੈ।



URGENTLY NEED NEW LISTINGS IN BRAMPTON/CALEDON

visit: www.teamjagaujla.com

ADVERTISEMENT GUARANTEED TILL SOLD

# JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**

ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**

ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**

2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੱਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**

ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

JAG AUJLA
MCNE, Real Estate Broker
416-371-7777

NOT INTENDED TO SOLICIT BUYERS OR SELLERS CURRENTLY UNDER CONTRACT



# Dr. Randhawa Dentistry

*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd | Mcvean Dr | Gore Rd | DENTISTRY | Squire Ellis Dr | Countryside Dr



# Grand Upholstery Ltd

Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017